ਖ਼ੂਨਦਾਨ ਮਹਾਂਦਾਨ
ਸ਼੍ਰੀ ਹਰਿਕ੍ਰਿਸ਼ਨ ਚੈਰੀਟੇਬਲ ਸੁਸਾਇਟੀ
ਮਨੁੱਖਤਾ ਦੀ ਸੇਵਾ ਲਈ
ਹਰ ਪਲ, ਹਰ ਘੜੀ, ਹਰ ਕਦਮ
ਆਪ ਜੀ ਦੀ ਸੇਵਾ ਵਿੱਚ
ਲੋੜਵੰਦ ਪਰਿਵਾਰਾਂ ਲਈ ਮਹੀਨਾਵਾਰ ਰਾਸ਼ਨ
Email : shkcsp@gmail.com www.shkcsp.com
M. : 98761-36031, 98552-21430, 98143-28141, 98557-32101

# ਦੇਸੀ ਪੰਜਾਬ

ਪੰਜਾਬੀਅਤ ਦਾ ਪਹਿਰੇਦਾਰ

Desi Punjab Patiala Approved By : DAVP / D.E.PAPER ਪਟਿਆਲਾ ਤੋਂ ਪ੍ਰਕਾਸ਼ਿਤ



ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ

RNI : PUNPUN/2021/80887 www.desipunjab.in DESI PUNJAB JUNE Email : desipunjabchannel@gmail.com

ਮੁੱਖ ਸੰਪਾਦਕ : ਨਵਤੇਜ ਸਿੰਘ ਮੋ. : 97800-66060 ਸੰਪਾਦਕ : ਹਰਪ੍ਰੀਤ ਸਿੰਘ ਮਾਹੀ 9517910789 ਫੋਨ : 0175-7962519

## ਸ਼੍ਰੋਮਣੀ ਕਮੇਟੀ ਪ੍ਰਧਾਨ ਧਾਮੀ ਵੱਲੋਂ ਦਮਦਮੀ ਟਕਸਾਲ ਦੇ ਮੁਖੀ ਨਾਲ ਮੁਲਾਕਾਤ ਕਰਦਿਆਂ ਜਥੇਦਾਰਾਂ ਦੇ ਮਸਲੇ ਦਾ ਜਲਦੀ ਹੱਲ ਕੱਢੇ ਜਾਣ ਦੇ ਦਿੱਤੇ ਗਏ ਭਰੋਸੇ ਤੋਂ ਬਾਅਦ ਲਿਆ ਫ਼ੈਸਲਾ।

ਚੌਕ ਮਹਿਤਾ 9 ਜੂਨ ( ) ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਅਗਵਾਈ ਵਿਚ ਤਿੰਨ ਤਖ਼ਤ ਸਾਹਿਬਾਨ ਦੇ ਹਟਾਏ ਗਏ ਜਥੇਦਾਰਾਂ ਦੀ ਬਹਾਲੀ ਲਈ 11 ਜੂਨ ਤੋਂ ਪਿੰਡ ਬਾਦਲ ਪਹੁੰਚ ਕੇ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਰਿਹਾਇਸ਼ 'ਤੇ ਗੁਰਬਾਣੀ ਦਾ ਜਾਪ ਕਰਕੇ ਦਿੱਤਾ ਜਾਣ ਵਾਲਾ ਰੋਸ ਧਰਨਾ ਮੁਲਤਵੀ ਕੀਤਾ ਗਿਆ ਹੈ। ਇਹ ਫ਼ੈਸਲਾ ਬਾਬਾ ਹਰਨਾਮ ਸਿੰਘ ਖ਼ਾਲਸਾ ਵੱਲੋਂ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਪਹੁੰਚੀ ਸ਼੍ਰੋਮਣੀ ਕਮੇਟੀ ਦੀ ਵਫ਼ਦ ਦੀ ਅਗਵਾਈ ਕਰ ਰਹੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਨੇੜੇ ਭਵਿਖ ਵਿਚ ਜਥੇਦਾਰ ਸਾਹਿਬਾਨ ਦੇ ਮਾਮਲੇ ਪ੍ਰਤੀ ਜਲਦ ਹੱਲ ਕੱਢਣ ਦੇ ਦਿੱਤੇ ਗਏ ਭਰੋਸੇ ਉਪਰੰਤ ਲਿਆ ਗਿਆ।

ਮਨ ਮਰਜ਼ੀ ਨਾਲ ਹਟਾਏ ਗਏ ਜਥੇਦਾਰਾਂ ਨੂੰ ਬਹਾਲ ਕਰਨ ਲਈ ਸ਼੍ਰੋਮਣੀ ਕਮੇਟੀ ਨੂੰ ਦਿੱਤੇ ਗਏ ਅਲਟੀਮੇਟਮ ਉਪਰੰਤ 27 ਅਪ੍ਰੈਲ ਨੂੰ ਲਏ ਗਏ ਫ਼ੈਸਲੇ ਮੁਤਾਬ ਕ ਸਿੱਖ ਜਥੇ ਪਿੰਡ ਬਾਦਲ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਜੀ ਬਾਦਲ ਦੇ ਘਰ ਅੱਗੇ ਰੋਸ ਧਰਨੇ ਦਾ ਐਲਾਨ ਕੀਤਾ ਸੀ। ਕਿਉਂਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਸਿੱਖਾਂ ਦੇ ਮਸਲਿਆਂ ਨੂੰ ਬਿਨਾਂ ਦੇਰੀ ਤੇ ਸਾਰਿਆਂ ਦੀ ਰਾਏ ਲੈ ਕੇ ਤੁਰੰਤ ਹੱਲ ਕਰਨ ਦੇ ਵਿੱਚ ਆਪਣੀ ਭੂਮਿਕਾ ਨਿਭਾਉਣ।

ਇਸ ਲਈ ਸਾਰਿਆਂ ਨੇ ਪ੍ਰੋਗਰਾਮ ਰੱਖਿਆ ਹੋਇਆ ਸੀ, ਕਿ 11 ਜੂਨ ਨੂੰ ਧਰਨਾ ਦਿੱਤਾ ਜਾਏਗਾ ਔਰ ਇਸ ਮਸਲੇ ਦੇ ਹੱਲ ਵਾਸਤੇ ਅਸੀਂ ਲੰਮਾ ਸੰਘਰਸ਼ ਕਰਨ ਲਈ ਤਿਆਰੀ ਕੀਤੀ ਹੋਈ ਸੀ। ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਅਤੇ ਉਹਨਾਂ ਦੇ ਨਾਲ ਆਈਆਂ ਹਸਤੀਆਂ ਨਾਲ ਮਿਲ ਬੈਠ ਕੇ ਵਿਚਾਰ ਕੀਤੀ ਹੈ, ਕਿ ਸਿੰਘ ਸਾਹਿਬਾਨਾਂ ਦੇ ਮਸਲੇ ਦਾ ਕਿਸੇ ਵੀ ਕਿਸੇ ਰੂਪ ਦੇ ਵਿੱਚ ਸਰਬ ਪ੍ਰਵਾਨਿਤ ਹੱਲ ਕੱਢ ਕੇ ਕੌਮ ਦੇ ਵਿੱਚ ਪਈ ਹੋਈ ਦੁਬਿਧਾ ਨੂੰ ਜਲਦੀ ਤੋਂ ਜਲਦੀ ਖ਼ਤਮ ਕਰਨ ਦਾ ਉਪਰਾਲਾ ਕੀਤਾ ਜਾਵੇ। ਸ਼੍ਰੋਮਣੀ ਕਮੇਟੀ ਦੇ ਆਗੂਆਂ ਨੇ ਸਾਨੂੰ ਵਿਸ਼ਵਾਸ ਦਿਵਾਇਆ ਹੈ। ਇਸ ਵਿਸ਼ਵਾਸ ਦੇ ਤਹਿਤ ਮੈਂ ਸਮੁੱਚੀਆਂ ਸਿੱਖ ਸੰਗਤਾਂ ਨੂੰ ਵੀ ਔਰ ਸੰਤਾਂ ਮਹਾਂਪੁਰਖਾਂ, ਨਿਹੰਗ ਸਿੰਘ ਜਥੇਬੰਦੀ ਨੂੰ ਅਪੀਲ ਕਰਦਾ ਹਾਂ ਕਿ ਰੋਸ ਧਰਨਾ ਮੁਲਤਵੀ ਕਰ ਦਿੱਤਾ ਹੈ। ਸ਼੍ਰੋਮਣੀ ਕਮੇਟੀ ਨੂੰ ਬੇਨਤੀ ਹੈ ਕਿ ਹਮੇਸ਼ਾ ਹੀ ਸਤਿਕਾਰ ਨਾਲ ਸਿੰਘ ਸਾਹਿਬਾਨਾਂ ਨੂੰ ਲਾਇਆ ਜਾਂਦਾ ਹੈ ਅਤੇ ਸਤਿਕਾਰ ਨਾਲ ਹੀ ਉਹਨਾਂ ਨੂੰ ਵਿਦਾਇਗੀ ਦਿੱਤੀ ਜਾਂਦੀ ਹੈ। ਇਸ ਲਈ ਸਮੁੱਚੀ ਕੌਮ ਦੀ ਭਾਵਨਾ ਨੂੰ ਮੱਦੇ ਨਜ਼ਰ ਰੱਖਦੇ ਹੋਏ ਇਹਦਾ ਹੱਲ ਜਲਦੀ ਤੋਂ ਜਲਦੀ ਜ਼ਰੂਰੀ ਕੱਢਿਆ ਜਾਣਾ ਚਾਹੀਦਾ ਹੈ। ਜਥੇਦਾਰ ਸਰਬ ਪ੍ਰਵਾਨਿਤ ਲਗਾਏ ਜਾਣੇ ਚਾਹੀਦੇ ਹਨ। ਸ਼੍ਰੋਮਣੀ ਕਮੇਟੀ ਨੇ ਸਮਾਂ ਮੰਗਿਆ ਹੈ। ਸਮਾਂ ਦੇਣਾ ਸਾਡਾ ਫ਼ਰਜ਼ ਹੈ। ਕਿਉਂਕਿ ਇਹ ਸੰਸਥਾ ਸ਼੍ਰੋਮਣੀ ਕਮੇਟੀ ਸਿੱਖਾਂ ਦੀ ਪ੍ਰਤੀਨਿਧ ਸੰਸਥਾ ਹੈ। ਇਹ ਵੱਡੀ ਸੰਸਥਾ ਸਾਡੇ ਕੋਲ ਚੱਲ ਕੇ ਆਈ ਹੈ। ਸਤਿਕਾਰਯੋਗ ਹਸਤੀਆਂ ਨੇ ਵੀ ਸਾਨੂੰ ਬੜੀ ਵਿਸ਼ਵਾਸ ਨਾਲ ਇਹ ਗੱਲ ਕਹੀ ਹੈ ਕਿ ਆਪਾਂ ਸ਼੍ਰੋਮਣੀ ਅਕਾਲੀ ਦਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਟਕਸਾਲ ਨਿਹੰਗ ਸਿੰਘ ਜਥੇਬੰਦੀਆਂ, ਸੰਤ ਸਮਾਜ ਵਿਚ ਆਪਸੀ ਟਕਰਾ ਨਹੀਂ ਬਣਨਾ ਚਾਹੀਦਾ। ਜਿਹੜੀਆਂ ਗੱਲਾਂ ਨਾਲ ਟਕਰਾਅ ਬਣਿਆ ਉਹਨਾਂ ਦਾ ਹੱਲ ਕਰਨ ਲਈ ਉਹਨਾਂ ਨੇ ਸਾਨੂੰ ਵਿਸ਼ਵਾਸ ਦਿਵਾਇਆ ਹੈ। ਅਸੀਂ ਵੀ ਆਸ ਕਰਦੇ ਹਾਂ ਕਿ ਜਲਦੀ ਤੋਂ ਜਲਦੀ ਮਸਲੇ ਦਾ ਹੱਲ ਕੱਢਿਆ ਜਾਵੇ।

ਯਾਦ ਰਹੇ ਕਿ ਪਿੰਡ ਬਾਦਲ 'ਚ ਰੋਸ ਧਰਨਾ ਦੇਣ ਦਾ ਫ਼ੈਸਲਾ ਸੰਤ ਸਮਾਜ ਦੇ ਪ੍ਰਧਾਨ ਅਤੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਅਗਵਾਈ ਵਿੱਚ ਗੁਰਮਤਿ ਸਿਧਾਂਤ ਪ੍ਰਚਾਰਕ ਸੰਤ ਸਮਾਜ ਦੇ ਚੋਣਵੇਂ ਮਹਾਂਪੁਰਖਾਂ ਦੀ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਚੌਂਕ ਵਿਖੇ 27 ਅਪ੍ਰੈਲ ਹੋਈ ਮੀਟਿੰਗ ਵਿਚ ਲਿਆ ਗਿਆ। ਇਸ ਮੌਕੇ ਹਾਜ਼ਰ ਸਮੂਹ ਸੰਤ ਮਹਾਂਪੁਰਖਾਂ, ਸਿੱਖ ਸੰਗਤਾਂ ਤੇ ਜਥੇਬੰਦੀਆਂ ਨੇ ਤਖ਼ਤਾਂ ਦੇ ਜਥੇਦਾਰ ਸਾਹਿਬਾਨ ਨੂੰ 15 ਅਪ੍ਰੈਲ ਤਕ ਬਹਾਲ ਕਰਨ ਪ੍ਰਤੀ ਸ਼੍ਰੋਮਣੀ ਕਮੇਟੀ ਵੱਲੋਂ ਸੰਤ ਸਮਾਜ ਨੂੰ ਦਿੱਤੇ ਗਏ ਭਰੋਸੇ ਨੂੰ ਪੂਰਾ ਨਾ ਕਰਨ ਲਈ ਸਖ਼ਤ ਆਲੋਚਨਾ ਕੀਤੀ ਤੇ ਭਾਰੀ ਰੋਸ ਪ੍ਰਗਟਾਇਆ ਸੀ। ਇਹ ਭਰੋਸਾ ਸ਼੍ਰੋਮਣੀ ਕਮੇਟੀ ਨੇ ਸੰਤ ਸਮਾਜ ਵੱਲੋਂ ਸ. ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ 28 ਮਾਰਚ ਨੂੰ ਦਿੱਤੇ ਗਏ ਰੋਸ ਧਰਨੇ ਮੌਕੇ ਦਿੱਤਾ ਸੀ, ਜਦੋਂ ਕਿ ਤਖ਼ਤ ਸਾਹਿਬਾਨਾਂ ਦੇ ਜਥੇਦਾਰ ਸਿੰਘ ਗਿਆਨੀ ਰਘਬੀਰ ਸਿੰਘ, ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਅਤੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਉਹਨਾਂ ਦੇ ਅਹੁਦਿਆਂ ਉੱਪਰ ਬਹਾਲ ਕੀਤੇ ਜਾਣ ਦੀ ਸੰਗਤ ਨੇ ਮੰਗ ਕੀਤੀ ਸੀ। ਇਸ ਸਬੰਧੀ ਉਹਨਾਂ ਵੱਲੋਂ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਕਮੇਟੀ ਦੀ ਐਗਜ਼ੈਕਟਿਵ ਕਮੇਟੀ ਨੂੰ 15 ਅਪ੍ਰੈਲ ਤੱਕ ਦਾ ਸਮਾਂ ਦਿੱਤਾ ਗਿਆ ਸੀ। ਮੰਗ ਨਾ ਮੰਨੇ ਜਾਣ 'ਤੇ ਜੂਨ ਮਹੀਨੇ ਘੱਲੂਘਾਰਾ ਸਮਾਗਮਾਂ ਦੇ ਕਾਰਨ, ਪਹਿਲਾ ਜਥਾ 11 ਜੂਨ ਨੂੰ ਪਿੰਡ ਬਾਦਲ ਜਾਣਾ ਸੀ। ਜਦੋਂ ਕੇ ਜੁਲਾਈ ਮਹੀਨੇ ਤੋਂ ਹਰ ਮਹੀਨੇ ਪਹਿਲੇ ਐਤਵਾਰ ਜਥਾ ਜਾਇਆ ਕਰਨਾ ਸੀ।

ਦਮਦਮੀ ਟਕਸਾਲ ਮੁਤਾਬਕ ਇਕ ਵਿਅਕਤੀ ਵਿਸ਼ੇਸ਼ ਵੱਲੋਂ ਹੰਕਾਰ ਅਤੇ ਜ਼ਿਦ ਪੁਗਾਉਣ ਲਈ ਸਿੱਖੀ ਸਿਧਾਂਤ ਨੂੰ ਢਾਹ ਲਾਉਣ ਲਈ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਈ 13 ਮਈ ਨੂੰ ਹੋਈ ਪੰਥਕ ਇਕੱਠ ਇਨ੍ਹਾਂ ਨਿਯੁਕਤੀਆਂ ਨੂੰ ਪਹਿਲਾਂ ਹੀ ਰੱਦ ਕਰ ਚੁੱਕੀ ਹੈ।

## ਮੌਜੂਦਾ ਸਰਪੰਚ ਗੁਰਸ਼ਰਨਜੀਤ ਕੌਰ ਠੱਠੀ ਖਾਰਾ ਚੇਅਰਮੈਨ ਕੁਲਦੀਪ ਰੰਧਾਵਾ ਉੱਤੇ ਜਬਰੀ ਜ਼ਮੀਨ ਤੇ ਕਬਜਾ ਕਰਨ ਦੇ ਲਾਏ ਦੋਸ਼

### ਮਾਣਯੋਗ ਅਦਾਲਤ ਦਾ ਸਟੇਅ ਵੇਖ ਕੇ ਨਿਸ਼ਾਨਦੇਹੀ ਕਰਨ ਆਈ ਟੀਮ ਨੂੰ ਮੁੜਨਾ ਪਿਆ ਵਾਪਸ



ਤਰਨਤਾਰਨ,9 ਜੂਨ (ਪਲਵਿੰਦਰਜੀਤ ਸਿੰਘਸਿੱਧਵਾ)- ਆਮ ਪਾਰਟੀ ਦੀ ਮੌਜੂਦਾ ਸਰਪੰਚ ਗੁਰਸ਼ਰਨਜੀਤ ਕੌਰ ਪਿੰਡ ਠੱਠੀ ਖਾਰਾ ਨੇ ਆਮ ਪਾਰਟੀ ਦੇ ਹਲਕਾ ਵਿਧਾਇਕ ਦੀ ਸ਼ਹਿ ਤੇ ਆਮ ਪਾਰਟੀ ਦੇ ਮਾਰਕਿਟ ਕਮੇਟੀ ਤਰਨਤਾਰਨ ਦੇ ਚੇਅਰਮੈਨ ਡਾ ਕੁਲਦੀਪ ਸਿੰਘ ਰੰਧਾਵਾ ਉੱਤੇ ਆਪਣੀ ਜੱਦੀ ਜ਼ਮੀਨ ਤੇ ਨਜਾਇਜ਼ ਕਬਜ਼ਾ ਕਰਨ ਦੇ ਦੋਸ਼ ਲਾਏ ਹਨ।ਜਿਸ ਸਬੰਧੀ ਅੱਜ ਚੈਅਰਮੈਨ ਕੁਲਦੀਪ ਸਿੰਘ ਰੰਧਾਵਾ ਪੰਡੋਰੀ ਰਣ ਸਿੰਘ ਵੱਲੋਂ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਜ਼ਮੀਨ ਦੀ ਨਿਸ਼ਾਨਦੇਹੀ ਕਰਨ ਲਈ ਦਿੱਤੇ ਪੱਤਰ ਤੇ ਪੁੱਜੇ ਕਾਨੂੰਗੋ ਪਟਵਾਰੀ ਤੇ ਹੋਰ ਸਬੰਧਿਤ ਅਧਿਕਾਰੀਆਂ ਨੂੰ ਸਰਪੰਚ ਗੁਰਸ਼ਰਨਜੀਤ ਕੌਰ ਨੇ ਮਾਣਯੋਗ ਅਦਾਲਤ ਵੱਲੋਂ ਦਿੱਤਾ ਗਿਆ ਸਟੇਅ ਵਿਖਾਉਂਦਿਆਂ ਜ਼ਮੀਨ ਦੀ ਨਿਸ਼ਾਨਦੇਹੀ ਲਈ ਕੌਰੀ ਨਾਂਹ ਕਰਦਿਆਂ ਵਿਭਾਗ ਦੇ ਅਧਿਕਾਰੀਆਂ ਨੂੰ ਵਾਪਸ ਮੁੜਨ ਲਈ ਮਜਬੂਰ ਕਰ ਦਿੱਤਾ।ਇਸ ਸਬੰਧੀ ਆਪਣੇ ਜ਼ਮੀਨ ਨਜ਼ਦੀਕ ਸਥਿਤ ਗ੍ਰਹਿ ਵਿਖੇ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਸਰਪੰਚ ਗੁਰਸ਼ਰਨਜੀਤ ਕੌਰ ਸਪੁੱਤਰੀ ਮਾਤਾ ਸ੍ਰੀਮਤੀ ਬਲਬੀਰ ਕੌਰ ਪਿਤਾ ਸ ਬਚਨ ਸਿੰਘ ਸਰਾਂ ਠੱਠੀ ਖਾਰਾ ਨੇ ਦੱਸਿਆ ਕਿ ਮੈਂ ਆਪਣੇ ਮਾਪਿਆਂ ਦੀ ਇਕਲੋਤੀ ਔਲਾਦ ਅਤੇ ਉਨਾਂ ਦੀ ਜਾਇਦਾਦ ਦੀ ਵਾਰਿਸ ਹਾਂ।ਅਤੇ ਆਸਟ੍ਰੇਲੀਆ ਵਿਖੇ ਬਤੌਰ ਡਾਕਟਰ ਹਾਂ ਅਤੇ 2023 ਵਿੱਚ ਵਾਪਸ ਭਾਰਤ ਆ ਕੇ ਆਪਣੇ ਪਤੀ ਨਾਲ ਰਹਾਇਸ਼ ਠੱਠੀ ਖਾਰਾ ਵਿਖੇ ਅੰਮ੍ਰਿਤਸਰ ਰੋਡ ਤਰਨ ਤਾਰਨ ਵਿਖੇ ਰਹਿ ਰਹੀ ਹਾਂ ਰਹਾਇਸ਼ ਨਜ਼ਦੀਕ ਹੀ ਸੜਕ ਦੇ ਨਾਲ ਮੇਰੀ ਮਲਕੀਅਤ ਜ਼ਮੀਨ ਜ਼ੋ ਮੇਰੇ ਮਾਤਾ ਪਿਤਾ ਨੇ ਕਰੀਬ 37 ਸਾਲ ਪਹਿਲਾਂ ਸਾਬਕਾ ਮੈਂਬਰ ਪੰਚਾਇਤ ਵੀਰ ਸਿੰਘ ਕੋਲੋਂ ਖਰੀਦ ਕੀਤੀ ਸੀ ਜਿਸ ਦਾ ਟਿਊਬਵੈੱਲ ਕੁਨੈਕਸ਼ਨ ਮੰਤਰੀ ਅਨਿਲ ਜੋਸ਼ੀ ਦੀ ਮਾਤਾ ਪੁਸ਼ਪਾ ਦੇਵੀ ਦੇ ਨਾਂ ਤੇ ਅੱਜ ਵੀ ਚੱਲ ਰਿਹਾ ਹੈ।ਇਸ ਜ਼ਮੀਨ ਦੀਆਂ ਬਕਾਇਦਾ ਜਮਾਂਬੰਦੀਆ, ਰਜਿਸਟਰੀਆ ਸਮੇਤ ਹੋਰ ਸਾਰੇ ਕਾਗਜ਼ਾਤ ਉਨਾਂ ਕੌਲ ਮੌਜੂਦ ਹਨ।ਪਰ ਚੇਅਰਮੈਨ ਕੁਲਦੀਪ ਸਿੰਘ ਰੰਧਾਵਾ ਵੱਲੋਂ ਉਸ ਨੂੰ ਇੱਕਲੀ ਔਰਤ ਸਮਝ ਕੇ ਉਸ ਦੀ ਜ਼ਮੀਨ ਖੋਹਣ ਲਈ ਅਦਾਲਤ ਵਿੱਚ ਕੇਸ ਲਾ ਦਿੱਤਾ ਗਿਆ ਜਿਸ ਦਾ ਮਾਣਯੋਗ ਅਦਾਲਤ ਵੱਲੋਂ ਦਿੱਤਾ ਗਿਆ ਸਟੇਅ ਮੇਰੇ ਕੋਲ ਮੌਜੂਦ ਹੈ।ਜਿਸ ਤਾਹਿਤ ਅੱਜ ਚੈਅਰਮੈਨ ਕੁਲਦੀਪ ਸਿੰਘ ਰੰਧਾਵਾ ਵੱਲੋਂ ਮਿਣਤੀ ਕਰਨ ਲਈ ਬੁਲਾਈ ਗਈ ਸਰਕਾਰੀ ਟੀਮ ਨੂੰ ਆਪਣੀ ਜ਼ਮੀਨ ਦੇ ਸਾਰੇ ਕਾਗਜ਼ਾਤ ਅਤੇ ਮਾਣਯੋਗ ਅਦਾਲਤ ਦਾ ਸਟੇਅ ਵਿਖਾਇਆ ਗਿਆ ਤੇ ਅਧਿਕਾਰੀ ਜ਼ਮੀਨ ਦੀ ਮਿਣਤੀ ਨਹੀਂ ਕਰ ਸਕੇ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਤਰਨਤਾਰਨ ਕੁਲਦੀਪ ਸਿੰਘ ਰੰਧਾਵਾ ਸਰਪੰਚ ਬੀਬੀ ਦੀ ਜ਼ਮੀਨ ਤੇ ਵਿਧਾਇਕ ਦੀ ਸ਼ਹਿ ਤੇ ਜਬਰੀ ਕਬਜ਼ਾ ਕਰਨ ਦੇ ਦੋਸ਼ਾਂ ਤੋਂ ਇਨਕਾਰ ਕਰਦਿਆਂ ਕਿਹਾ ਕਿ ਇਸ ਜ਼ਮੀਨ ਦੀ 1987 ਸੰਨ ਦੀ ਆਪਣੇ ਅਤੇ ਸਾਂਢੂ ਕਰਮਬੀਰ ਸਿੰਘ ਨਾਮ ਤੇ ਹੋਈ ਰਜਿਸਟਰੀ ਵਿਖਾਉਂਦਿਆਂ ਦੱਸਿਆ ਕਿ ਕੁਝ ਜ਼ਮੀਨ ਉਨਾਂ ਪ੍ਰੀਤਮ ਗਾਰਡਨ ਦੇ ਮਾਲਕ ਨੂੰ ਵੇਚ ਦਿੱਤੀ ਸੀ ਬਾਕੀ ਰਹਿੰਦੀ ਜ਼ਮੀਨ ਤੇ ਗੁਰਸ਼ਰਨਜੀਤ ਕੌਰ ਨੇ ਧੱਕੇ ਨਾਲ ਸਾਡੀ ਜਗਾਹ ਤੇ ਚਾਰਦੀਵਾਰੀ ਕਰਕੇ ਝੋਨਾ ਬੀਜ ਕੇ ਕਬਜ਼ਾ ਕਰ ਲਿਆ ਹੈ।ਜਿਸ ਤੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਮਿਣਤੀ ਕਰਨ ਦੀ ਦਰਖ਼ਾਸਤ ਦਿੱਤੀ ਗਈ ਸੀ।ਪਰ ਸਰਪੰਚ ਬੀਬੀ ਨੇ ਮਿਣਤੀ ਨਹੀਂ ਹੋਣ ਦਿੱਤੀ।ਉਨਾਂ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮਿਣਤੀ ਕਰਕੇ ਜੇਕਰ ਮੇਰੀ ਜ਼ਮੀਨ ਦੇ ਨੰਬਰ ਮੇਰੇ ਨਿਕਲਦੇ ਹਨ ਤਾਂ ਮੈਨੂੰ ਦਿੱਤੇ ਜਾਣ ਜੇਕਰ ਗੁਰਸ਼ਰਨਜੀਤ ਕੌਰ ਦੇ ਜ਼ਮੀਨ ਦੇ ਨੰਬਰ ਨਿਕਲਦੇ ਹਨ

## ਸਾਹਿਬਜਾਦਾ ਬਾਬਾ ਜੁਝਾਰ ਸਿੰਘ ਮਾਰਗ ਹੋਵੇਗਾ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਜਾਂਦੇ ਵੀ.ਆਈ.ਪੀ ਰੋਡ ਦਾ ਨਾਮ:- ਹਰਜੋਤ ਬੈਂਸ

### ਨਗਰ ਕੌਂਸਲ ਨੇ ਮਤਾ ਪਾਸ ਕਰਕੇ ਬਦਲਿਆਂ ਤਖਤ ਸਾਹਿਬ ਨੂੰ ਜਾਂਦੇ ਮਾਰਗ ਦਾ ਨਾਮ



ਨੂਰਪੁਰਬੇਦੀ, 9 ਜੂਨ (ਅਜੈ ਪੁਰੀ) ਸਰਬੰਸਦਾਨੀ ਸਾਹਿਬ ਏ ਕਮਾਲ ਦਸ਼ਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜਿਸ ਅਸਥਾਨ ਤੋਂ ਬਰਾਬਰਤਾਂ ਦਾ ਸੰਦੇਸ਼ ਦਿੱਤਾ ਅਤੇ ਖਾਲਸੇ ਦੇ ਰੂਪ ਵਿੱਚ ਕੁੱਲ ਸੰਸਾਰ ਨੂੰ ਤੋਹਫਾ ਦਿੱਤਾ ਉਸ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਜਾਂਦੀ ਸੜਕ ਦਾ ਨਾਮ ਵੀ.ਆਈ.ਪੀ ਰੋਡ ਤੋ ਬਦਲ ਕੇ ਸਾਹਿਬਜਾਦਾ ਬਾਬਾ ਜੁਝਾਰ ਸਿੰਘ ਮਾਰਗ ਰੱਖਿਆ ਗਿਆ ਹੈ।

ਅੱਜੇ ਇੱਥੇ ਜਾਣਕਾਰੀ ਸਾਝੀ ਕਰਦੇ ਹੋਏ ਸ.ਹਰਜੋਤ ਬੈਂਸ ਸਿੱਖਿਆ ਮੰਤਰੀ ਪੰਜਾਬ ਹਲਕਾ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਨਗਰ ਕੌਂਸਲ ਵੱਲੋਂ ਮਤਾ ਪਾਸ ਕੀਤਾ ਗਿਆ ਹੈ, ਜਿਸ ਵਿੱਚ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਜਾਣ ਵਾਲੀ ਵੀ.ਆਈ.ਪੀ ਰੋਡ ਦਾ ਨਾਮ ਬਦਲ ਕੇ ਸਾਹਿਬਜਾਦਾ ਬਾਬਾ ਜੁਝਾਰ ਸਿੰਘ ਮਾਰਗ ਰੱਖਿਆ ਗਿਆ ਹੈ। ਸ.ਬੈਂਸ ਨੇ ਕਿਹਾ ਕਿ ਜਿਸ ਅਸਥਾਨ ਤੋਂ ਦਸ਼ਮ ਪਾਤਸ਼ਾਹ ਨੇ ਖਾਲਸੇ ਦਾ ਤੋਹਫਾ ਦਿੱਤਾ ਅਤੇ ਸਮਾਜ ਨੂੰ ਬਰਾਬਰੀ ਦਾ ਹੱਕ ਦਿੱਤਾ, ਉਸ ਪਵਿੱਤਰ ਧਾਰਮਿਕ ਅਸਥਾਨ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਜਾਣ ਵਾਲੀ ਸੜਕ ਦਾ ਨਾਮ ਬਦਲਿਆ ਗਿਆ ਹੈ। ਉਨ੍ਹਾਂ ਵੱਲੋਂ ਲਗਾਤਾਰ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਦੇ ਸਰਵਪੱਖੀ ਵਿਕਾਸ ਲਈ ਵਿਆਪਕ ਪੱਧਰ ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਮਾਰਗ ਦਾ ਸੁੰਦਰੀਕਰਨ ਅਤੇ ਹੋਰ ਚੋੜਾ ਕਰਕੇ ਸਾਹਿਬਜਾਦਾ ਬਾਬਾ ਜੁਝਾਰ ਸਿੰਘ ਮਾਰਗ ਨੂੰ ਹੋਰ ਸੋਹਣਾ ਬਣਾਇਆ ਜਾਵੇਗਾ। ਸਿੱਖਿਆ ਮੰਤਰੀ ਨੇ ਇਹ ਵੀ ਦੱਸਿਆ ਹੈ ਕਿ ਸਮੁੱਚਾ ਇਲਾਕਾ ਗੁਰੂ ਸਹਿਬਾਨ ਦੀ ਚਰਨ ਛੋਹ ਪ੍ਰਾਪਤ ਹੈ, ਜਿੱਥੇ ਉਨ੍ਹਾਂ ਨੇ ਆਪਣੇ ਜੀਵਨ ਦਾ ਸਭ ਤੇ ਵੱਧ ਸਮਾਂ ਬਤੀਤ ਕੀਤਾ ਹੈ, ਇਸ ਦੇ ਲਈ ਇਸ ਦੇ ਚਹੁੰਮੁਖੀ ਵਿਕਾਸ ਲਈ ਯੋਜਨਾਬੱਧ ਤਰੀਕੇ ਨਾਲ ਕੰਮ ਸੁਰੂ ਕੀਤਾ ਗਿਆ ਹੈ।

## ਪੰਜਾਬ ਦੇ ਪਿੰਡਾਂ 'ਚ ਈਸਾਈ ਪ੍ਰਚਾਰਕਾਂ ਵਲੋਂ ਵੱਡੀ ਗਿਣਤੀ ਵਿੱਚ ਧਰਮ ਪਰਿਵਰਤਨ ਕਰਾਉਣ ਦੇ ਮਾਮਲੇ ਰੋਕਣ 'ਚ ਸ਼੍ਰੋਮਣੀ ਕਮੇਟੀ ਅਸਫਲ: ਕਾਲਕਾ/ ਕਾਹਲੋਂ , ਸਰਨਾ ਤੇ ਜੀ.ਕੇ. ਵੱਲੋਂ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ 'ਚ ਧਰਨੇ ਲਾਉਣਾ ਬੇਹੱਦ ਨਿੰਦਣਯੋਗ




ਨਵੀਂ ਦਿੱਲੀ, 9 ਜੂਨ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਪੰਜਾਬ ਦੇ 12 ਹਜ਼ਾਰ ਪਿੰਡਾਂ ਵਿਚੋਂ 8 ਹਜ਼ਾਰ ਪਿੰਡਾਂ ਵਿਚ ਈਸਾਈ ਧਰਮ ਦੇ ਪ੍ਰਚਾਰਕ ਪਹੁੰਚ ਗਏ ਹਨ ਜੋ ਗਰੀਬ ਤੇ ਕਮਜ਼ੋਰ ਸਿੱਖਾਂ ਨੂੰ ਅਨੇਕਾਂ ਤਰੀਕੇ ਦੇ ਲੋਭ ਤੇ ਲਾਲਚ ਦੇ ਕੇ ਈਸਾਈ ਧਰਮ ਨਾਲ ਜੋੜਨ ਦਾ ਕੰਮ ਕਰ ਰਹੇ ਹਨ। ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਪੰਜਾਬ 'ਚ ਈਸਾਈ ਧਰਮ ਦਾ ਪ੍ਰਚਾਰ ਇੰਨੀ ਵੱਡੀ ਪੱਧਰ 'ਤੇ ਪਹੁੰਚ ਗਿਆ ਹੈ ਪਰ ਕੌਮ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਦੀ ਆਪਣੀ ਜ਼ਿੰਮੇਵਾਰੀ ਨਿਭਾਉਣ ਵਿਚ ਅਸਫਲ ਰਹੀ ਹੈ। ਉਹਨਾਂ ਕਿਹਾ ਕਿ ਸਿਰਫ ਪੰਜਾਬ ਹੀ ਨਹੀਂ ਬਲਕਿ ਦਿੱਲੀ ਵਿਚ ਵੀ ਕਮੇਟੀ ਨੇ ਆਪਣਾ ਸਿੱਖ ਮਿਸ਼ਨ ਸਥਾਪਿਤ ਕੀਤਾ ਹੋਇਆ ਹੈ ਜਦੋਂ ਕਿ ਇਸ ਵੱਲੋਂ ਇਕ ਵੀ ਸਿੱਖ ਪ੍ਰਚਾਰਕ ਦਿੱਲੀ ਦੇ ਕਿਸੇ ਵੀ ਇਲਾਕੇ ਵਿਚ ਨਹੀਂ ਭੇਜਿਆ ਗਿਆ। ਉਹਨਾਂ ਕਿਹਾ ਕਿ ਦੂਜੇ ਪਾਸੇ ਪੰਜਾਬ 'ਚ ਸੀਮਤ ਸਹੂਲਤਾਂ ਹੋਣ ਦੇ ਬਾਵਜੂਦ ਦਿੱਲੀ ਗੁਰਦੁਆਰਾ ਕਮੇਟੀ ਨੇ ਪਿਛਲੇ ਸਮੇਂ ਦੌਰਾਨ 2500 ਤੋਂ ਵੱਧ ਸਿੱਖਾਂ ਦੀ ਅੰਮ੍ਰਿਤਸੰਚਾਰ ਨਾਲ ਸਿੱਖੀ ਵਿਚ ਵਾਪਸੀ ਕਰਵਾਈ ਹੈ। ਉਹਨਾਂ ਕਿਹਾ ਕਿ ਹੁਣ ਅਸੀਂ ਫੈਸਲਾ ਕੀਤਾ ਹੈ ਤੇ ਮੀਟਿੰਗ ਕਰ ਕੇ ਹਰ ਮੈਂਬਰਾਂ ਨੂੰ ਕਿਹਾ ਹੈ ਕਿ ਉਹ ਆਪੋ ਆਪਣੇ ਇਲਾਕੇ ਵਿਚ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਦੀ ਮੁਹਿੰਮ ਨੂੰ ਤੇਜ਼ ਕਰਨ ਅਤੇ ਅੰਮ੍ਰਿਤ ਸੰਚਾਰ ਦੇ ਕੈਂਪ ਲਗਾ ਕੇ ਵੱਧ ਤੋਂ ਵੱਧ ਗਿਣਤੀ ਵਿਚ ਸਿੱਖਾਂ ਨੂੰ ਖੰਡੇ ਬਾਟੇ ਦਾ ਪਾਹੁਲ ਛਕਾਇਆ ਜਾਵੇਗਾ।ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਬੀਤੇ ਕੱਲ੍ਹ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਧਰਨਾ ਦੇਣ 'ਤੇ ਸਾਬਕਾ ਪ੍ਰਧਾਨਾਂ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਦਾ ਗਠਨ 1971 ਦੇ ਪਾਰਲੀਮੈਂਟ ਦੇ ਐਕਟ ਮੁਤਾਬਕ ਹੋਇਆ ਹੈ। ਜਦੋਂ ਤੋਂ ਐਕਟ ਮੁਤਾਬਕ ਚੋਣਾਂ ਹੋਈਆਂ ਹਨ, ਕਦੇ ਵੀ ਸਿੰਘ ਸਭਾਵਾਂ ਦੇ ਮੈਂਬਰਾਂ ਦੀ ਲਾਟਰੀ ਸਿਸਟਮ ਵਾਸਤੇ ਚੋਣ ਵਿਚ ਦੂਜੇ ਤੋਂ ਤੀਜੀ ਪਰਚੀ ਨਹੀਂ ਕੱਢੀ ਗਈ ਪਰ 2021 ਵਿਚ ਹੋਈਆਂ ਚੋਣਾਂ ਵਿਚ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਆਮ ਆਦਮੀ ਪਾਰਟੀ ਸਰਕਾਰ ਨਾਲ ਰਲੇ ਹੋਏ ਸਨ, ਜਿਸ ਕਾਰਣ ਉਸ ਦੇ ਗੁਰਦੁਆਰਾ ਚੋਣਾਂ ਦੇ ਡਾਇਰੈਕਟਰ ਨਰਿੰਦਰ ਸਿੰਘ ਨੇ ਪੰਜ ਪਰਚੀਆਂ ਕੱਢਵਾ ਦਿੱਤੀਆਂ। ਉਹਨਾਂ ਕਿਹਾ ਕਿ ਜਦੋਂ ਇਸ ਗੈਰ ਕਾਨੂੰਨੀ ਫੈਸਲੇ ਨੂੰ ਪਹਿਲੀਆਂ ਦੋ ਪਰਚੀਆਂ ਵਿਚ ਮੈਂਬਰ ਬਣੇ ਮਨਜੀਤ ਸਿੰਘ ਤੇ ਕਸ਼ਮੀਰ ਨੇ ਅਦਾਲਤ ਵਿਚ ਚੁਣੌਤੀ ਦਿੱਤੀ ਤਾਂ ਹੁਣ ਬੀਤੇ ਸਮੇਂ ਵਿਚ ਹੋਈ ਤਰੁੱਟੀ ਨੂੰ ਦਰੁੱਸਤ ਕਰ ਕੇ ਉਹਨਾਂ ਦੀ ਮੈਂਬਰਸ਼ਿਪ ਮਨਜ਼ੂਰ ਕੀਤੀ ਗਈ ਹੈ। ਉਹਨਾਂ ਕਿਹਾ ਕਿ ਜੇਕਰ ਸਰਨਾ ਤੇ ਜੀ ਕੇ ਨੂੰ ਕੋਈ ਇਤਰਾਜ਼ ਸੀ ਤਾਂ ਉਹ ਗੁਰਦੁਆਰਾ ਚੋਣ ਡਾਇਰੈਕਟੋਰੇਟ ਦੇ ਸਾਹਮਣੇ ਧਰਨਾ ਦਿੰਦੇ ਜਾਂ ਦਿੱਲੀ ਸਰਕਾਰ ਦੇ ਡਾਇਰੈਕਟੋਰੇਟ ਦੇ ਸਾਹਮਣੇ ਧਰਨਾ ਦਿੰਦੇ ਪਰ ਉਹਨਾਂ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਦੀ ਚੋਣ ਕੀਤੀ ਅਤੇ ਮਾਸਟਰ ਤਾਰਾ ਸਿੰਘ ਜੀ ਜਿਹਨਾਂ ਨੇ ਪੰਥ ਵਾਸਤੇ ਵੱਡੀਆਂ ਘਾਲਣਾਵਾਂ ਘਾਲੀਆਂ, ਦੇ ਬੁੱਤ ਅੱਗੇ ਜਾ ਕੇ ਆਪਣਾ ਰੋਸ ਮਾਰਚ ਖ਼ਤਮ ਕੀਤਾ। ਉਹਨਾਂ ਕਿਹਾ ਕਿ ਇਹਨਾਂ ਦੀਆਂ ਹਰਕਤਾਂ ਤੋਂ ਅੱਜ ਮਾਸਟਰ ਤਾਰਾ ਸਿੰਘ ਦੀ ਰੂਹ ਨੂੰ ਵੀ ਸ਼ਰਮਸ਼ਾਰ ਹੋਈ ਹੋਵੇਗੀ। ਉਹਨਾਂ ਕਿਹਾ ਕਿ ਸਭ ਤੋਂ ਵੱਡੀ ਗੱਲ ਹੈ ਕਿ ਸਾਰੀ ਦਿੱਲੀ ਵਿਚੋਂ ਇਹਨਾਂ ਦੋਵੇਂ ਆਗੂਆਂ ਸਰਨਾ ਤੇ ਜੀ ਕੇ ਨੂੰ ਸਿਰਫ 100 ਮੈਂਬਰ ਹੀ ਧਰਨੇ ਵਾਸਤੇ ਮਿਲੇ ਜਦੋਂ ਕਿ ਜੇਕਰ ਅਸੀਂ ਕਮੇਟੀ ਦੇ ਸਾਰੇ ਹਲਕਿਆਂ ਵਿਚੋਂ ਸਿਰਫ ਦੋ-ਦੋ ਮੈਂਬਰ ਹੀ ਲੈ ਲੈਂਦੇ ਤਾਂ 100 ਮੈਂਬਰ ਹੋ ਜਾਣੇ ਸਨ। ਉਹਨਾਂ ਕਿਹਾ ਕਿ ਅੱਜ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ ਕੇ ਖੁਦ ਮਾਯੂਸ ਤੇ ਨਿਰਾਸ਼ ਹਨ ਤੇ ਇਸ ਤਰੀਕੇ ਦੀਆਂ ਹਰਕਤਾਂ 'ਤੇ ਉਤਰੇ ਹੋਏ ਹਨ।

## ਜੂਨ 1984 ਘੱਲੂਘਾਰੇ ਦੇ ਸ਼ਹੀਦ ਭਾਈ ਬਲਦੇਵ ਸਿੰਘ ਜੇਠੂਵਾਲ ਦੀ 41ਵੀਂ ਬਰਸੀ ਮਨਾਈ ਗਈ



ਨਵੀਂ ਦਿੱਲੀ 9 ਜੂਨ (ਮਨਪ੍ਰੀਤ ਸਿੰਘ ਖਾਲਸਾ) ਜੂਨ 1984 ਵਿਚ ਵਾਪਰੇ ਤੀਸਰੇ ਘੱਲੂਘਾਰੇ ਦੌਰਾਨ ਸ਼ਹਾਦਤ ਦਾ ਜਾਮ ਪੀਣ ਵਾਲੇ ਸਮੂਹ ਸ਼ਹੀਦ ਸਿੰਘ-ਸਿੰਘਣੀਆਂ ਭੁਝੰਗੀਆ ਦੀ ਯਾਦ ਅੰਦਰ ਸ਼ਹੀਦ ਭਾਈ ਬਲਦੇਵ ਸਿੰਘ ਜੀ ਦੀ 41ਵੀਂ ਬਰਸੀ ਗੁਰਦੁਆਰਾ ਬਾਬੇ ਸ਼ਹੀਦਾਂ ਸਾਹਿਬ ਵਿਖੇ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਸਾਧ ਸੰਗਤ ਦੇ ਸਹਿਯੋਗ ਸਦਕਾ ਮਨਾਈ ਗਈ। ਭਾਈ ਸ਼ਮਸ਼ੇਰ ਸਿੰਘ ਜੇਠੂਵਾਲ ਵਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਲਵਪ੍ਰੀਤ ਸਿੰਘ ਸਿੰਘ ਜੀ ਦੇ ਜਥੇ ਵਲੋਂ ਇਲਾਹੀ ਗੁਰਬਾਣੀ ਦੇ ਕੀਰਤਨ ਦੀ ਸੇਵਾ ਨਿਭਾਈ,ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਵਲੋਂ ਸ਼ਹੀਦੀ ਪ੍ਰੰਪਰਾ ਤੇ ਗੁਰਬਾਣੀ ਇਤਿਹਾਸ ਚੋਂ ਭਾਵਪੂਰਤ ਵਿਚਾਰ ਰੱਖੇ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਪ੍ਰਬੰਧਕ ਜਥੇਦਾਰ ਅਨੂਪ ਸਿੰਘ, ਜਥੇਦਾਰ ਦਿਲਦਾਰ ਸਿੰਘ ਵਲੋਂ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਸੀ ਅਤੇ ਸ਼ਹੀਦ ਭਾਈ ਬਲਦੇਵ ਸਿੰਘ ਜੀ ਦੀ ਸਪੁੱਤਰੀ ਬੀਬੀ ਜਸਬੀਰ ਕੌਰ ਦਾ ਸਨਮਾਨ ਕੀਤਾ ਗਿਆ । ਇਸ ਮੌਕੇ ਇਸ ਮੌਕੇ ਸਾਬਕਾ ਸਰਪੰਚ ਅਨੂਪ ਸਿੰਘ, ਦਿਲਦਾਰ ਸਿੰਘ ਢਿਲੋਂ, ਜਥੇਦਾਰ ਬਲਵਿੰਦਰ ਸਿੰਘ ਜੋਧਪੁਰੀ, ਹਰਪਾਲ ਸਿੰਘ ਬੁੱਟਰ, ਕੁਲਦੀਪ ਸਿੰਘ ਸੈਕਟਰੀ, ਸ਼ਮਸ਼ੇਰ ਸਿੰਘ ਜੇਠੂਵਾਲ, ਕਰਮ ਸਿੰਘ ਗਿੱਲ, ਜਥੇਦਾਰ ਬਲਬੀਰ ਸਿੰਘ ਦਸਮੇਸ਼ ਤਰਨਾ ਦਲ, ਉਸਤਾਦ ਮੰਗਲ ਸਿੰਘ, ਸੁਖਜਿੰਦਰ ਸਿੰਘ, ਬਾਬਾ ਕਰਨੈਲ ਸਿੰਘ, ਕੁਲਦੀਪ ਸਿੰਘ ਨੰਬਰਦਾਰ, ਜਸਵਿੰਦਰ ਸਿੰਘ ਲਾਲੀ, ਪਰਮਜੀਤ ਸਿੰਘ, ਸਾਹਿਬ ਸਿੰਘ ਢਿਲੋਂ, ਜਥੇਦਾਰ ਸੰਤੋਖ ਸਿੰਘ, ਇੰਸਪੈਕਟਰ ਹਰਦਿਆਲ ਸਿੰਘ,ਸੁਰਜੀਤ ਸਿੰਘ ਫੌਜੀ, ਬਾਬਾ ਚਤਰ ਸਿੰਘ, ਤਰਸੇਮ ਸਿੰਘ, ਤਸਵੀਰ ਸਿੰਘ ਫੌਜੀ, ਸਵਿੰਦਰ ਸਿੰਘ, ਦਿਲਬਾਗ ਸਿੰਘ, ਢਾਡੀ ਨਿਰਮਲ ਸਿੰਘ, ਸੁਖਵਿੰਦਰ ਸਿੰਘ, ਗਿਆਨੀ ਦਲਜੀਤ ਸਿੰਘ ਸਿੰਘ, ਮਲੂਕ ਸਿੰਘ, ਪ੍ਰਿੰਸਪਾਲ ਮੱਲੂਵਾਲ ਆਦਿ ਹਾਜਰ ਸਨ।

## ਕੈਨੇਡਾ ਜਾਣ ਲਈ ਵਾਰ-ਵਾਰ ਰਿਜੈਕਟ ਹੋਏ ਨੌਜਵਾਨ ਨੇ ਚੁੱਕਿਆ ਖ਼ੌਫਨਾਕ ਕਦਮ, ਆਪਣੇ ਆਪ ਨੂੰ ਮਾਰੀ ਗੋਲੀ ਕੀਤੀ ਆਤਮਹੱਤਿਆ



ਤਪਾ ਮੰਡੀ 8 ਜੂਨ (ਧੀਮਾਨ)ਸਬ ਡਵੀਜ਼ਨ ਤਪਾ ਦੇ ਪਿੰਡ ਸੁਖਪੁਰਾ 'ਚ 20 ਸਾਲਾ ਨੌਜਵਾਨ ਦਿਲਪ੍ਰੀਤ ਸਿੰਘ ਨੇ ਆਪਣੇ ਆਪ ਨੂੰ ਗੋਲੀ ਮਾਰ ਕੇ ਆਤਮਹੱਤਿਆ ਕਰ ਲਈ ਉਹ ਕੈਨੇਡਾ ਜਾਣਾ ਚਾਹੁੰਦਾ ਸੀ, ਪਰ ਉਸ ਦੀ ਫਾਈਲ ਵਾਰ-ਵਾਰ ਰਿਜੈਕਟ ਹੋ ਰਹੀ ਸੀ, ਜਿਸ ਕਾਰਨ ਬਹੁਤ ਪਰੇਸ਼ਾਨ ਸੀ। ਇਕਲੌਤੇ ਪੁੱਤਰ ਦੀ ਮੌਤ ਤੋਂ ਬਾਅਦ ਪਰਿਵਾਰ 'ਚ ਸੋਗ ਦੀ ਲੈਅ ਦੌੜ ਗਈ।ਸਬ ਡਵੀਜ਼ਨ ਤਪਾ ਦੇ ਉਪ ਕਪਤਾਨ ਗੁਰਬਿੰਦਰ ਸਿੰਘ ਨੇ ਦੱਸਿਆ ਕਿ ਥਾਣਾ ਸ਼ਹਿਣਾ ਦੀ ਪੁਲਿਸ ਨੇ ਆਤਮਹੱਤਿਆ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਥਾਣਾ ਸ਼ਹਿਣਾ ਦੇ ਇੰਸਪੈਕਟਰ ਗੁਰਮੰਦਰ ਸਿੰਘ ਨੇ ਦੱਸਿਆ ਕਿ ਪਿੰਡ ਸੁਖਪੁਰਾ ਮੌੜ 'ਚ ਸਵੇਰੇ 20 ਸਾਲਾ ਦਿਲਪ੍ਰੀਤ ਸਿੰਘ ਉਰਫ ਲਵਪ੍ਰੀਤ ਪੁੱਤਰ ਅਜੈਬ ਸਿੰਘ ਨੇ ਘਰ ਦੇ ਕਮਰੇ 'ਚ ਆਪਣੇ ਤਾਏ ਦੀ ਲਾਇਸੈਂਸੀ ਰਾਈਫਲ ਨਾਲ ਗੋਲੀ ਮਾਰ ਕੇ ਆਤਮਹੱਤਿਆ ਕਰ ਲਈ ਪੜ੍ਹਾਈ ਤੋਂ ਬਾਅਦ ਕਈ ਵਾਰੀ ਕੈਨੇਡਾ ਜਾਣ ਦੀ ਕੋਸ਼ਿਸ਼ ਕੀਤੀ ਪਰ ਫਾਈਲ ਵਾਰ-ਵਾਰ ਰੱਦ ਹੋਣ ਕਾਰਨ ਉਹ ਕੈਨੇਡਾ ਨਹੀਂ ਜਾ ਸਕਿਆ, ਜਿਸ ਕਾਰਨ ਉਹ ਬਹੁਤ ਪਰੇਸ਼ਾਨ ਹੋ ਗਿਆ ਸੀ। ਇਸੇ ਪਰੇਸ਼ਾਨੀ ਦੇ ਚੱਲਦੇ ਉਸ ਨੇ ਅੱਜ ਸਵੇਰੇ ਆਪਣੇ ਆਪ ਨੂੰ ਘਰ 'ਚ ਪਈ ਲਾਇਸੈਂਸੀ ਰਾਈਫਲ ਨਾਲ ਆਤਮਹੱਤਿਆ ਕਰ ਲਈ। ਦਿਲਪ੍ਰੀਤ ਆਪਣੇ ਪਰਿਵਾਰ ਅਤੇ ਮਾਤਾ-ਪਿਤਾ ਦਾ ਇਕਲੌਤਾ ਪੁੱਤਰ ਸੀ ਉਸ ਦੀ ਭੈਣ ਕੈਨੇਡਾ ਰਹਿੰਦੀ ਹੈ। ਕੈਨੇਡਾ ਜਾਣ ਦੀ ਆਸ 'ਚ ਦਿਲਪ੍ਰੀਤ ਸਿੰਘ ਮਨਸਿਕ ਤੌਰ 'ਤੇ ਇੰਨਾ ਪਰੇਸ਼ਾਨ ਹੋ ਗਿਆ ਸੀ ਕਿ ਉਸ ਨੇ ਆਤਮਹੱਤਿਆ ਕਰ ਲਈ।

# ਤਹਿਸੀਲਾਂ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਉਣ ਵੱਲ ਵਧ ਰਿਹਾ ਹੈ ਪੰਜਾਬ: ਮੁੱਖ ਮੰਤਰੀ • ਜਿਹੜੇ ਲੋਕ ਸੋਚਦੇ ਸਨ ਕਿ ਉਨ੍ਹਾਂ ਕੋਲ ਲੁੱਟ ਦਾ ਦੈਵੀ ਅਧਿਕਾਰ ਹੈ, ਉਹ ਹੁਣ ਗ਼ੈਰ ਪ੍ਰਸੰਗਕ ਹੋਏ

## • ਪਟਿਆਲਾ ਦੇ ਸ਼ਾਸਕ ਸਿਰਫ਼ ਆਪਣੇ ਵਿਕਾਸ ਲਈ ਪ੍ਰੇਸ਼ਾਨ ਸਨ• ਅਕਾਲੀਆਂ ਵੱਲੋਂ ਆਪਣੇ ਸਵਾਰਥਾਂ ਲਈ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਦੁਰਵਰਤੋਂ ਕਰਨ ਦੀ ਨਿੰਦਾ



ਦੂਧਨ ਸਾਧਾਂ (ਪਟਿਆਲਾ), 9 ਜੂਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਸੂਬਾ ਸਰਕਾਰ ਦੀਆਂ ਅਣਥੱਕ ਕੋਸ਼ਿਸ਼ਾਂ ਸਦਕਾ ਪੰਜਾਬ ਭਰ ਦੀਆਂ ਸਾਰੀਆਂ ਤਹਿਸੀਲਾਂ ਅਤੇ ਸਬ-ਤਹਿਸੀਲ ਕੰਪਲੈਕਸ ਭ੍ਰਿਸ਼ਟਾਚਾਰ ਮੁਕਤ ਹੋਣ ਵੱਲ ਵਧ ਰਹੇ ਹਨ।

ਇੱਥੇ ਨਵੇਂ ਬਣੇ ਤਹਿਸੀਲ ਕੰਪਲੈਕਸ ਨੂੰ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਸੂਬਾ ਸਰਕਾਰ ਨੇ ਕਾਰਜਭਾਰ ਸੰਭਾਲਿਆ ਸੀ ਤਾਂ ਮਾਲ ਅਧਿਕਾਰੀ ਸੋਚਦੇ ਸਨ ਕਿ ਉਨ੍ਹਾਂ ਨੂੰ ਭ੍ਰਿਸ਼ਟਾਚਾਰ ਰਾਹੀਂ ਲੋਕਾਂ ਨੂੰ ਲੁੱਟਣ ਦਾ ਦੈਵੀ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਉਹ ਆਮ ਲੋਕਾਂ ਨੂੰ ਛੋਟੇ-ਮੋਟੇ ਕੰਮਾਂ ਲਈ ਵੀ ਪ੍ਰੇਸ਼ਾਨ ਕਰਦੇ ਸਨ ਅਤੇ ਜੇ ਉਨ੍ਹਾਂ ਵਿਰੁੱਧ ਕੋਈ ਕਾਰਵਾਈ ਕੀਤੀ ਜਾਂਦੀ ਹੈ ਤਾਂ ਕੰਮ ਵਿੱਚ ਅੜਿੱਕਾ ਡਾਹੁਣ ਦੀ ਧਮਕੀ ਦਿੰਦੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਡੀ ਸਰਕਾਰ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਦਾ ਵਾਅਦਾ ਕਰ ਕੇ ਸੱਤਾ ਵਿੱਚ ਆਈ ਹੈ, ਜਿਸ ਕਾਰਨ ਸੂਬਾ ਸਰਕਾਰ ਨੇ ਇਸ ਵਿਰੁੱਧ ਵੱਡੀ ਕਾਰਵਾਈ ਸ਼ੁਰੂ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਦੇ ਨਤੀਜੇ ਵਜੋਂ ਪੰਜਾਬ ਭਰ ਦੀਆਂ ਸਾਰੀਆਂ ਤਹਿਸੀਲਾਂ ਅਤੇ ਸਬ-ਤਹਿਸੀਲ ਕੰਪਲੈਕਸ ਭ੍ਰਿਸ਼ਟਾਚਾਰ ਮੁਕਤ ਹੋਣ ਵੱਲ ਵਧ ਰਹੇ ਹਨ। ਉਨ੍ਹਾਂ ਕਿਹਾ ਕਿ ਮਾਲ ਅਧਿਕਾਰੀ ਸਮੂਹਿਕ ਛੁੱਟੀਆਂ ਜਾਂ ਹੜਤਾਲਾਂ ਦੇ ਬਹਾਨੇ ਆਮ ਆਦਮੀ ਨੂੰ ਪ੍ਰੇਸ਼ਾਨ ਕਰਦੇ ਸਨ ਪਰ ਸੂਬਾ ਸਰਕਾਰ ਇਨ੍ਹਾਂ ਭ੍ਰਿਸ਼ਟ ਅਧਿਕਾਰੀਆਂ ਅੱਗੇ ਨਹੀਂ ਝੁਕੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਆਪ' ਸਰਕਾਰ ਭ੍ਰਿਸ਼ਟਾਚਾਰ ਨਾਲ ਬਿਲਕੁੱਲ ਲਿਹਾਜ਼ ਨਾ ਵਰਤਣ ਦੀ ਨੀਤੀ ਰੱਖਦੀ ਹੈ ਅਤੇ ਇਨ੍ਹਾਂ ਅਧਿਕਾਰੀਆਂ ਦੀ ਬਲੈਕਮੇਲਿੰਗ ਬਰਦਾਸ਼ਤ ਨਹੀਂ ਕੀਤੀ ਗਈ ਅਤੇ ਭ੍ਰਿਸ਼ਟ ਤੇ ਹੰਕਾਰੀ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਦੇ ਵਿਰੋਧ ਪ੍ਰਦਰਸ਼ਨਾਂ ਨਾਲ ਸਖ਼ਤੀ ਨਾਲ ਨਜਿੱਠਿਆ ਗਿਆ ਕਿਉਂਕਿ ਉਹ ਭ੍ਰਿਸ਼ਟਾਚਾਰ ਦਾ ਲਾਇਸੈਂਸ ਲੈਣਾ ਚਾਹੁੰਦੇ ਸਨ, ਜਿਸ ਦੀ ਕਿਸੇ ਵੀ ਕੀਮਤ `ਤੇ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਇਨ੍ਹਾਂ ਭ੍ਰਿਸ਼ਟ ਤਹਿਸੀਲਦਾਰਾਂ ਨੂੰ ਭ੍ਰਿਸ਼ਟਾਚਾਰ ਦੀ ਪੂਰੀ ਲੜੀ ਤੋੜਨ ਲਈ ਇਕ ਅਹੁਦੇ ਤੋਂ ਦੂਜੇ ਅਹੁਦੇ `ਤੇ ਤਬਦੀਲ ਕਰ ਦਿੱਤਾ ਗਿਆ ਹੈ। ਉਨ੍ਹਾਂ ਭ੍ਰਿਸ਼ਟਾਚਾਰ ਦੀ ਕੈਂਸਰ ਦੀ ਘਾਤਕ ਬਿਮਾਰੀ ਨਾਲ ਤੁਲਨਾ ਕਰਦੇ ਹੋਏ ਕਿਹਾ ਕਿ ਕੀਮੋਥੈਰੇਪੀ (ਸਖ਼ਤ ਕਾਰਵਾਈ) ਹੀ ਇਸ ਦਾ ਇਕੋ-ਇਕ ਇਲਾਜ ਹੋ ਸਕਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਸੂਬਾ ਸਰਕਾਰ ਨੇ ਜ਼ਮੀਨੀ ਡੀਡਾਂ ਦੀ ਰਜਿਸਟ੍ਰੇਸ਼ਨ ਸੁਖਾਲੀ ਕਰ ਦਿੱਤੀ ਹੈ, ਜੋ ਸਵੈ-ਨਿਰਭਰਤਾ ਨੂੰ ਉਤਸ਼ਾਹਿਤ ਕਰਦੀ ਹੈ, ਪ੍ਰਾਈਵੇਟ ਵਸੀਕਾ ਨਵੀਸਾਂ `ਤੇ ਨਿਰਭਰਤਾ ਘਟਾਉਂਦੀ ਹੈ ਅਤੇ ਨਾਗਰਿਕਾਂ ਨੂੰ ਆਪਣੇ ਲੈਣ-ਦੇਣ ਨੂੰ ਆਪਣੇ ਪੱਧਰ ਉਤੇ ਕਰਨ ਦਾ ਅਧਿਕਾਰ ਦਿੰਦੀ ਹੈ। ਉਨ੍ਹਾਂ ਨੇ ਇਸ ਗੱਲ `ਤੇ ਜ਼ੋਰ ਦਿੱਤਾ ਕਿ ਲੋਕਾਂ ਨੂੰ ਹੁਣ ਭੁਗਤਾਨ ਲਈ ਬੈਂਕਾਂ ਵਿੱਚ ਜਾਣ ਦੀ ਜ਼ਰੂਰਤ ਨਹੀਂ ਹੈ ਕਿਉਂਕਿ ਆਨਲਾਈਨ ਏਕੀਕ੍ਰਿਤ ਭੁਗਤਾਨ ਪ੍ਰਣਾਲੀ ਸਾਰੀਆਂ ਲੋੜੀਂਦੀਆਂ ਫੀਸਾਂ ਜਿਵੇਂ ਕਿ ਅਸ਼ਟਾਮ ਡਿਊਟੀ ਅਤੇ ਰਜਿਸਟ੍ਰੇਸ਼ਨ ਫੀਸਾਂ ਇਕ ਸਿੰਗਲ ਡਿਜੀਟਲ ਲੈਣ-ਦੇਣ ਵਿੱਚ ਅਦਾ ਕਰਨ ਦੀ ਆਗਿਆ ਦਿੰਦੀ ਹੈ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਇਹ ਪ੍ਰਣਾਲੀ ਡਿਮਾਂਡ ਡਰਾਫ਼ਟ ਜਾਂ ਨਕਦੀ ਪ੍ਰਬੰਧਨ ਦੀ ਜ਼ਰੂਰਤ ਨੂੰ ਖ਼ਤਮ ਕਰਦੀ ਹੋਈ ਸੁਰੱਖਿਆ ਚਿੰਤਾਵਾਂ ਨੂੰ ਦੂਰ ਕਰਦੀ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਦਾ ਨਤੀਜਾ ਹੈ, ਜਿਸ ਕਾਰਨ ਉਨ੍ਹਾਂ ਨੇ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਉਣ ਲਈ ਠੋਸ ਯਤਨ ਕੀਤੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਆਪਣਾ ਕਾਰਜਭਾਰ ਸੰਭਾਲਣ ਤੋਂ ਬਾਅਦ ਪਹਿਲੇ ਦਿਨ ਤੋਂ ਹੀ ਭ੍ਰਿਸ਼ਟਾਚਾਰ ਵਿਰੁੱਧ 'ਜ਼ੀਰੋ ਟਾਲਰੈਂਸ' ਨੀਤੀ ਅਪਣਾਈ ਹੈ। ਇਸ ਨੇਕ ਕਾਰਜ ਲਈ ਪੰਜਾਬੀਆਂ ਤੋਂ ਪੂਰਨ ਸਹਿਯੋਗ ਅਤੇ ਦਿਲੋਂ ਸਮਰਥਨ ਦੀ ਮੰਗ ਕਰਦੇ ਹੋਏ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਸ ਮੁਹਿੰਮ ਨੂੰ ਸਫ਼ਲ ਬਣਾਉਣਾ ਬਹੁਤ ਜ਼ਰੂਰੀ ਹੈ।

ਪਟਿਆਲਾ ਦੇ ਸ਼ਾਹੀ ਪਰਿਵਾਰ ਤੇ ਤਿੱਖਾ ਹਮਲਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਟਿਆਲਾ ਦੇ ਆਲੇ-ਦੁਆਲੇ ਦਾ ਇਲਾਕਾ ਪੁਰਾਣੇ ਸੱਤਾਧਾਰੀਆਂ ਦੇ ਸੌੜੇ ਹਿੱਤਾਂ ਅਤੇ ਲਾਲਚ ਕਾਰਨ ਵਿਕਾਸ ਪੱਖੋਂ ਪਛੜ ਗਿਆ ਹੈ। ਉਨ੍ਹਾਂ ਕਿਹਾ ਕਿ ਸੱਤਾ ਵਿੱਚ ਬੈਠੇ ਲੋਕਾਂ ਨੇ ਸ਼ਹਿਰ ਦੀ ਬਦਹਾਲੀ ਦੀ ਕੀਮਤ ਉੱਤੇ ਆਪਣੇ ਮਹਿਲ ਉਸਾਰੇ। ਉਨ੍ਹਾਂ ਕਿਹਾ ਕਿ ਇਹ ਹਾਸੋਹੀਣਾ ਹੈ ਕਿ ਸੱਤਾ ਵਿੱਚ ਬੈਠੇ 'ਮਹਾਰਾਜਾ ਸ਼ਹਿਰ ਦੇ ਵਿਕਾਸ ਨਾਲੋਂ ਆਪਣੇ ਵਿਕਾਸ ਬਾਰੇ ਜ਼ਿਆਦਾ ਚਿੰਤਤ ਸਨ। ਭਗਵੰਤ ਮਾਨ ਨੇ ਅਫ਼ਸੋਸ ਪ੍ਰਗਟ ਕੀਤਾ ਕਿ ਪਟਿਆਲਾ ਤੋਂ ਆਏ ਪੰਜਾਬ ਦੇ ਸ਼ਾਸਕ ਸ਼ਹਿਰ ਦੇ ਵਿਕਾਸ ਨੂੰ ਪੂਰੀ ਤਰ੍ਹਾਂ ਅਣਗੌਲਿਆਂ ਕਰਦੇ ਰਹੇ।

ਮੁੱਖ ਮੰਤਰੀ ਨੇ ਕਿਹਾ ਕਿ ਰਵਾਇਤੀ ਸਿਆਸੀ ਪਾਰਟੀਆਂ ਉਨ੍ਹਾਂ ਤੋਂ ਖਾਰ ਖਾਂਦੀਆਂ ਹਨ ਕਿਉਂਕਿ ਉਨ੍ਹਾਂ ਨੂੰ ਇਹ ਹਜ਼ਮ ਨਹੀਂ ਹੋ ਰਿਹਾ ਕਿ ਆਮ ਘਰਾਂ ਤੋਂ ਉੱਠ ਕੇ ਕੋਈ ਵਿਅਕਤੀ ਸੂਬੇ ਦੀ ਸੱਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਦਾ ਰਵਾਇਤੀ ਸਿਆਸੀ ਪਾਰਟੀਆਂ ਦੇ ਲੋਕ ਵਿਰੋਧੀ ਅਤੇ ਪੰਜਾਬ ਵਿਰੋਧੀ ਰੁਖ਼ ਕਾਰਨ ਉਨ੍ਹਾਂ ਤੋਂ ਵਿਸ਼ਵਾਸ ਉੱਠ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਸਿਆਣੇ ਅਤੇ ਬਹਾਦਰ ਲੋਕਾਂ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਇਨ੍ਹਾਂ ਪਾਰਟੀਆਂ ਨੂੰ ਸੱਤਾ ਤੋਂ ਬਾਹਰ ਦਾ ਰਸਤਾ ਦਿਖਾਇਆ ਸੀ ਅਤੇ 'ਆਪ' ਨੂੰ ਭਾਰੀ ਬਹੁਮਤ ਦਿੱਤਾ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਵਿਕਾਸ ਨਵੀਆਂ ਬੁਲੰਦੀਆ ਛੂਹ ਰਿਹਾ ਹੈ ਕਿਉਂਕਿ ਸੂਬੇ ਦੇ ਲੋਕਾਂ ਨੇ ਇਕ ਇਮਾਨਦਾਰ ਸਰਕਾਰ ਚੁਣੀ ਹੈ, ਜੋ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਪਹਿਲਾਂ ਭ੍ਰਿਸ਼ਟ ਅਤੇ ਮੌਕਾਪ੍ਰਸਤ ਆਗੂਆਂ ਨੂੰ ਚੁਣਨਾ ਪੈਂਦਾ ਸੀ, ਜੋ ਉਨ੍ਹਾਂ ਦਾ ਇੱਕੋ-ਇਕ ਵਿਕਲਪ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਨੇ ਆਮ ਲੋਕਾਂ ਲਈ ਨਾਗਰਿਕ ਕੇਂਦਰਿਤ ਸੇਵਾਵਾਂ ਦੀ ਸੁਚਾਰੂ ਅਤੇ ਨਿਰਵਿਘਨ ਡਿਲੀਵਰੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਕੀਤੀ ਹੈ।

ਮੁੱਖ ਮੰਤਰੀ ਨੇ ਦੁਹਰਾਇਆ ਕਿ ਅਕਾਲੀ ਆਗੂਆਂ ਨੇ ਪੈਸੇ ਦੇ ਲਾਲਚ ਕਾਰਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਨੂੰ ਸਿਰਫ਼ 'ਸ਼੍ਰੋਮਣੀ ਗੋਲਕ ਪ੍ਰਬੰਧਕ ਕਮੇਟੀ' ਬਣਾ ਦਿੱਤਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਬਾਦਲਾਂ ਨੇ ਧਾਰਮਿਕ ਮਾਮਲਿਆਂ ਵਿੱਚ ਦਖਲ ਦੇਣ ਲਈ ਆਪਣੀ ਸਿਆਸੀ ਸ਼ਕਤੀ ਦੀ ਦੁਰਵਰਤੋਂ ਕੀਤੀ, ਜਿਸ ਵਿੱਚ ਆਪਣੇ ਨਿੱਜੀ ਹਿੱਤਾਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰਾਂ ਦੀ ਨਿਯੁਕਤੀ ਵਿੱਚ ਹੇਰਾਫੇਰੀ ਕਰਨਾ ਵੀ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਵਿੱਤੀ ਲਾਲਚ ਕਾਰਨ ਅਕਾਲੀਆਂ ਨੇ ਐਸ.ਜੀ.ਪੀ.ਸੀ. ਦੀ ਪਵਿੱਤਰਤਾ ਨੂੰ ਢਾਹ ਲਗਾਈ ਹੈ ਅਤੇ ਸੌੜੇ ਸਿਆਸੀ ਹਿੱਤਾਂ ਲਈ ਐਸ.ਜੀ.ਪੀ.ਸੀ. ਦੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੋਵਾਂ ਦੀ ਦੁਰਵਰਤੋਂ ਕੀਤੀ ਹੈ।

ਮੁੱਖ ਮੰਤਰੀ ਨੇ ਔਰਤਾਂ ਨੂੰ ਅੱਗੇ ਆ ਕੇ ਸਿਆਸਤ ਵਿੱਚ ਹਿੱਸਾ ਲੈਣ ਲਈ ਕਿਹਾ ਤਾਂ ਜੋ ਉਹ ਫੈਸਲਾ ਲੈਣ ਤੇ ਨੀਤੀਆਂ ਘੜਨ ਵਿੱਚ ਸਰਗਰਮ ਭਾਈਵਾਲ ਬਣ ਸਕਣ ਅਤੇ ਸਮਾਜ ਵਿੱਚ ਅਤਿ ਲੋੜੀਂਦਾ ਬਦਲਾਅ ਲਿਆ ਸਕਣ। ਉਨ੍ਹਾਂ ਕਿਹਾ ਕਿ ਅੱਜ ਕੱਲ੍ਹ ਲੜਕੀਆਂ ਹਰ ਖੇਤਰ ਵਿੱਚ ਲੜਕਿਆਂ ਨਾਲੋਂ ਅੱਗੇ ਹਨ ਪਰ ਸਿਆਸਤ ਵਿੱਚ ਅਜੇ ਵੀ ਉਨ੍ਹਾਂ ਨੇ ਨਾਮਣਾ ਨਹੀਂ ਖੱਟਿਆ। ਉਨ੍ਹਾਂ ਕਿਹਾ ਕਿ ਸਿਆਸੀ ਖੇਤਰ ਨੂੰ ਪਹਿਲਾਂ ਮਰਦਾਂ ਦੀ ਜਗੀਰ ਮੰਨਿਆ ਜਾਂਦਾ ਸੀ ਪਰ ਹੁਣ ਸਮਾਂ ਆ ਗਿਆ ਹੈ ਜਦੋਂ ਔਰਤਾਂ ਨੂੰ ਇਸ ਖੇਤਰ ਵਿੱਚ ਵੀ ਵੱਧ ਚੜ੍ਹ ਕੇ ਅੱਗੇ ਆਉਣਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਅਤੇ ਸਮਾਜ ਅਤੇ ਸੂਬੇ ਦੇ ਵਡੇਰੇ ਹਿੱਤ ਲਈ ਇਸ ਖੇਤਰ ਵਿੱਚ ਔਰਤਾਂ ਦੀ ਭਾਈਵਾਲੀ ਬਹੁਤ ਜ਼ਰੂਰੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਸੂਬੇ ਦੇ ਨੌਜਵਾਨਾਂ ਨੂੰ 54000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਾਰੀਆਂ ਨੌਕਰੀਆਂ ਬਿਨਾਂ ਕਿਸੇ ਭ੍ਰਿਸ਼ਟਾਚਾਰ ਜਾਂ ਭਾਈ-ਭਤੀਜਾਵਾਦ ਤੋਂ ਪੂਰੀ ਤਰ੍ਹਾਂ ਯੋਗਤਾ ਦੇ ਆਧਾਰ `ਤੇ ਦਿੱਤੀਆਂ ਗਈਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਨੌਜਵਾਨ ਪੰਜਾਬ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਭਾਈਵਾਲ ਬਣ ਰਹੇ ਹਨ।

ਇਸ ਤੋਂ ਪਹਿਲਾਂ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਮੁੱਖ ਮੰਤਰੀ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ।

ਇਸ ਸਮਾਗਮ ਦੌਰਾਨ ਮਾਲ ਤੇ ਪੁਨਰਵਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ, ਸਿਮਰਜੀਤ ਕੌਰ ਪਠਾਣਮਾਜਰਾ, ਚੇਤਨ ਸਿੰਘ ਜੌੜਾਮਾਜਰਾ, ਗੁਰਦੇਵ ਸਿੰਘ ਦੇਵ ਮਾਨ, ਗੁਰਲਾਲ ਘਨੌਰ ਅਤੇ ਕੁਲਵੰਤ ਸਿੰਘ ਬਾਜ਼ੀਗਰ ਸਮੇਤ ਵੱਡੀ ਗਿਣਤੀ ਵਿੱਚ ਹਲਕੇ ਦੇ ਨਿਵਾਸੀਆਂ ਨੇ ਲਾਮਿਸਾਲ ਸ਼ਮੂਲੀਅਤ ਕੀਤੀ।

# ਈ-ਰਿਕਸ਼ੇ 'ਚ ਸਵਾਰ ਹੋਈਆਂ ਚਾਰ ਅਣਪਛਾਤੀਆਂ ਔਰਤਾਂ ਨੇ 12 ਲੱਖ ਰੁਪਏ ਦੇ ਗਹਿਣੇ ਕੀਤੇ ਚੋਰੀ

Desi Punjab YouTube www.desipunjab.in

ਗੁਰਤੇਜ ਜੋਸ਼ੀ ਮਾਲੇਰਕੋਟਲਾ, 09 ਜੂਨ । ਘਰੇਲੂ ਔਰਤਾਂ ਲਈ ਸੋਨੇ ਦੇ ਗਹਿਣੇ ਪਹਿਣਕੇ ਜਾਂ ਚੁੱਕ ਕੇ ਘਰੋਂ ਬਾਹਰ ਨਿੰਕਲਣਾ ਅੱਜ-ਕੱਲ ਖਤਰੇ ਤੋਂ ਖਾਲੀ ਨਹੀਂ ਰਿਹਾ, ਕਿਉਂਕਿ ਚੋਰ ਜਾਂ ਝੱਪਟਮਾਰ ਕਿਹੜੇ ਸਮੇਂ ਜਾਂ ਕਿਸ ਰੂਪ 'ਚ ਤੁਹਾਡੇ ਗਹਿਣਿਆਂ 'ਤੇ ਹੱਥ ਸਾਫ ਕਰ ਜਾਵੇ, ਇਸਦੀ ਜਦੋਂ ਤੱਕ ਤੁਹਾਨੂੰ ਭਿਣਕ ਲੱਗੇਗੀ ਉਦੋਂ ਤੱਕ ਚੋਰ ਤੁਹਾਡੀ ਪਹੁੰਚ ਤੋਂ ਬਹੁਤ ਦੂਰ ਜਾ ਚੁੱਕਾ ਹੋਵੇਗਾ।

ਅਜਿਹੀ ਹੀ ਇੱਕ ਘਟਨਾਂ ਸ਼ਹਿਰ ਦੇ ਇੱਕ ਨਾਮਵਰ ਵਿਅਕਤੀ ਰਿਟਾਇਰਡ ਡੀ ਆਰ ਸ਼ਮਸਾਦ ਅਲੀ ਦੀ ਨੂੰਹ ਸ੍ਰੀਮਤੀ ਸ਼ਾਮੀਆ ਪਤਨੀ ਜ਼ੁਬੇਰ ਅਲੀ ਵਾਸੀ ਮੁਹੱਲਾ ਅਰਾਂਈਆਂ ਵਾਲਾ ਮਾਲੇਰਕੋਟਲਾ ਨਾਲ ਉਸ ਸਮੇਂ ਵਾਪਰੀ ਜਦੋਂ ਉਹ ਆਪਣੇ ਦੋ ਬੱਚਿਆਂ ਸਮੇਤ ਆਪਣੇ ਮਾਪਿਆਂ ਦੇ ਘਰ ਸਥਾਨਕ ਮੁਹੱਲਾ ਸ਼ੇਖਾਂ ਤੋਂ 75 ਨੰਬਰ ਈ-ਰਿਕਸ਼ਾ 'ਚ ਸਵਾਰ ਹੋ ਕੇ ਆਪਣੇ ਸਹੁੱਰੇ ਘਰ ਮੁਹੱਲਾ ਅਰਾਂਈਆਂ ਨੂੰ ਆ ਰਹੀ ਸੀ। ਉਸ ਸਮੇਂ ਸ਼ਾਮੀਆ ਕੋਲ ਇੱਕ ਅਟੈਚੀ ਸਮੇਤ ਆਪਣਾ ਇੱਕ ਲੇਡੀਜ਼ ਪਰਸ ਸੀ।ਉਕਤ ਪਰਸ ਦੇ ਅੰਦਰ ਰੱਖੇ ਇੱਕ ਹੋਰ ਛੋਟੇ ਪਰਸ 'ਚ ਉਸਨੇ ਆਪਣੇ ਕਰੀਬ 12 ਲੱਖ ਰੁਪਏ ਦੀ ਕੀਮਤ ਵਾਲੇ ਸੋਨੇ ਦੇ ਗਹਿਣੇ ਰੱਖੇ ਹੋਏ ਸਨ, ਜੋ ਈ-ਰਿਕਸ਼ੇ 'ਚ ਸਵਾਰ ਹੋ ਕੇ ਸਹੁੱਰੇ ਘਰ ਪਹੁੰਚਣ ਤੱਕ ਚੋਰੀ ਹੋ ਗਏ ਹਨ।

ਰਿਟਾਇਰ ਪੀ ਸੀ ਐੱਸ ਅਧਿਕਾਰੀ ਸ਼ਮਸਾਦ ਅਲੀ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੇਰੀ ਨੂੰਹ ਸ਼ਾਮੀਆ ਨੂੰ ਪੇਕੇ ਘਰ ਤੋਂ ਸਹੁੱਰੇ ਮੇਰੇ ਘਰ ਮੁਹੱਲਾ ਅਰਾਂਈਆਂ ਨੂੰ ਲੈ ਕੇ ਆ ਰਿਹਾ ਇੱਕ ਈ-ਰਿਕਸ਼ਾ ਜਦੋਂ ਰਸਤੇ 'ਚ ਮੁਹੱਲਾ ਅਜੀਮਪੁਰਾ ਵਿਖੇ ਪੁੱਜਾ ਤਾਂ ਚਾਰ ਅਣਪਛਾਤੀਆਂ ਔਰਤਾਂ ਵੀ ਆਪਣੇ 2 ਬੱਚਿਆਂ ਸਮੇਤ ਉਕਤ ਈ-ਰਿਕਸ਼ਾ 'ਚ ਸਵਾਰ ਹੋ ਗਈਆਂ।ਥੋੜ੍ਹੀ ਦੂਰ ਆਪਣੇ ਸਹੁੱਰੇ ਘਰ ਪੁੱਜ ਕੇ ਸਾਮੀਆਂ ਨੇ ਜਦੋਂ ਦੇਖਿਆ ਕਿ ਉਸਦੇ ਲੇਡੀਜ਼ ਪਰਸ ਦੀ ਜ਼ਿੱਪ ਖੁੱਲ੍ਹੀ ਸੀ ਅਤੇ ਪਰਸ ਅੰਦਰ ਰੱਖਿਆ ਕਰੀਬ 12 ਲੱਖ ਰੁਪਏ ਦੀ ਕੀਮਤ ਵਾਲੇ ਸੋਨੇ ਦੇ ਗਹਿਣਿਆਂ ਵਾਲਾ ਛੋਟਾ ਪਰਸ ਗਾਇਬ ਸੀ।ਗਹਿਣੇ ਚੋਰੀ ਹੋਣ ਦਾ ਪਤਾ ਲੱਗਦਿਆਂ ਹੀ ਪਰਿਵਾਰਕ ਮੈਂਬਰਾਂ ਨੇ ਤੁਰੰਤ ਉਕਤ ਅਣਪਛਾਤੀਆਂ ਔਰਤਾਂ ਦੀ ਭਾਲ ਸ਼ੁਰੂ ਕੀਤੀ ਪਰੰਤੂ ਉਨ੍ਹਾਂ ਦਾ ਕੋਈ ਥਹੁ-ਪਤਾ ਨਹੀਂ ਲੱਗ ਸਕਿਆ।ਉਕਤ ਔਰਤਾਂ ਜਿਸ ਜਗ੍ਹਾ ਤੋਂ ਈ-ਰਿਕਸ਼ਾ 'ਚ ਸਵਾਰ ਹੋਈਆਂ ਸਨ, ਉਥੋਂ ਈ-ਰਿਕਸ਼ਾ ਰਾਹੀਂ ਮੁਹੱਲਾ ਅਰਾਈਆਂ ਤੱਕ ਦਾ ਇਹ ਭੀੜ ਵਾਲਾ ਰਸਤਾ ਮਸਾਂ 2 ਤੋਂ ਚਾਰ ਕੁ ਮਿੰਟ ਦਾ ਹੋਵੇਗਾ।ਇੰਨੇ ਥੋੜ੍ਹੇ ਸਮੇਂ 'ਚ ਇੰਨੀ ਵੱਡੀ ਘਟਨਾਂ ਨੂੰ ਅੰਜ਼ਾਮ ਦੇਣ ਵਾਲੀਆਂ ਕਥਿਤ ਉਕਤ ਔਰਤਾਂ ਕਿੰਨੀਆਂ ਸ਼ਾਤਿਰ ਦਿਮਾਗ ਹੋਣਗੀਆਂ ਇਸ ਦਾ ਅੰਦਾਜ਼ਾ ਤਾਂ ਉਨ੍ਹਾਂ ਦੀ ਇਸ ਥੋੜ੍ਹੇ ਸਮੇਂ ਦੀ ਚਤੁਰਾਈ ਤੋਂ ਹੀ ਲਗਾਇਆ ਜਾ ਸਕਦਾ ਹੈ।

ਦਰਖਾਸਤੀ ਸ਼ਮਸਾਦ ਅਲੀ ਨੇ ਦੱਸਿਆ ਕਿ ਜਦੋਂ ਅਸੀਂ ਮੁਹੱਲੇ ਸਮੇਤ ਉਕਤ ਬਾਜ਼ਾਰ 'ਚ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ਼ ਖੰਗਾਲੀ ਤਾਂ ਇਸ ਦੌਰਾਨ ਈ-ਰਿਕਸ਼ਾ ਬਾਰੇ ਪੂਰੀ ਜਾਣਕਾਰੀ ਮਿਲਣ ਤੋਂ ਇਲਾਵਾ ਭਾਵੇਂ ਉਕਤ ਅਣਪਛਾਤੀਆਂ ਔਰਤਾਂ ਦੀਆਂ ਤਸਵੀਰਾਂ ਵੀ ਸਾਹਮਣੇ ਆ ਗਈਆਂ ਹਨ ਪਰੰਤੂ ਹਾਲੇ ਤੱਕ ਉਨ੍ਹਾਂ ਦੀ ਕੋਈ ਸ਼ਨਾਖਤ ਨਹੀਂ ਹੋ ਸਕੀ।ਉਨ੍ਹਾਂ ਦੱਸਿਆ ਕਿ ਘਟਨਾਂ ਸਬੰਧੀ ਪੂਰੀ ਜਾਣਕਾਰੀ ਸਥਾਨਕ ਉਚ ਪੁਲਸ ਅਧਿਕਾਰੀਆਂ ਦੇ ਧਿਆਨ 'ਚ ਲਿਆਉਣ ਤੋਂ ਬਾਅਦ ਪੁਲਸ ਆਪਣੇ ਪੱਧਰ 'ਤੇ ਮਾਮਲੇ ਦੀ ਜਾਂਚ ਕਰਦੇ ਹੋਏ ਉਕਤ ਅਣਪਛਾਤੀਆਂ ਔਰਤਾਂ ਦੀ ਭਾਲ ਕਰ ਰਹੀ ਹੈ।

ਪੁਲਸ ਜੰਗੀ ਪੱਧਰ `ਤੇ ਮਾਮਲੇ ਦੀ ਜਾਂਚ ਕਰ ਰਹੀ ਹੈ : ਐੱਸ ਐੱਸ ਪੀ

ਐੱਸ ਐੱਸ ਪੀ ਗਗਨ ਅਜੀਤ ਸਿੰਘ ਨੇ ਗੱਲਬਾਤ ਦੌਰਾਨ ਉਕਤ ਮਾਮਲੇ ਨੂੰ ਜਲਦੀ ਹੀ ਸੁਲਝਾ ਕੇ ਦੋਸ਼ੀਆਂ ਦੀ ਗ੍ਰਿਫਤਾਰੀ ਕਰ ਲੈਣ ਦਾ ਦਾਅਵਾ ਕਰਦਿਆਂ ਕਿਹਾ ਕਿ ਸਬੰਧਤ ਪਰਿਵਾਰ ਵੱਲੋਂ ਮਾਮਲਾ ਸਾਡੇ ਧਿਆਨ 'ਚ ਲਿਆਉਣ ਦੇ ਤੁਰੰਤ ਬਾਅਦ ਹੀ ਪੁਲਸ ਵੱਲੋਂ ਜੰਗੀ ਪੱਧਰ 'ਤੇ ਸ਼ੁਰੂ ਕੀਤੀ ਗਈ ਜਾਂਚ ਦੌਰਾਨ ਜਿਥੇ ਈ-ਰਿਕਸ਼ਾ ਚਾਲਕ ਤੋਂ ਵੀ ਬਾਰੀਕੀ ਨਾਲ ਪੁੱਛ-ਗਿੱਛ ਕੀਤੀ ਗਈ ਹੈ ਉਥੇ ਦਰਖਾਸਤੀ ਸ਼ਾਮੀਆ ਦੇ ਪੇਕੇ ਘਰ ਤੋਂ ਈ-ਰਿਕਸ਼ਾ 'ਚ ਸਵਾਰ ਹੋਣ ਤੋਂ ਲੈ ਕੇ ਸਹੁੱਰੇ ਘਰ ਪਹੁੰਚਣ ਤੱਕ ਦੇ ਰਸਤੇ 'ਚ ਲੱਗੇ ਸਾਰੇ ਸੀ ਸੀ ਟੀ ਵੀ ਕੈਮਰਿਆਂ ਨੂੰ ਖੰਗਾਲਣ ਤੋਂ ਇਲਾਵਾ ਕੈਮਰੇ 'ਚ ਸਾਹਮਣੇ ਆਈਆਂ ਉਕਤ ਈ-ਰਿਕਸ਼ੇ 'ਚ ਸਵਾਰ ਅਣਪਛਾਤੀਆਂ ਔਰਤਾਂ ਦੀਆਂ ਤਸਵੀਰਾਂ ਦੀ ਵੀ ਸ਼ਨਾਖਤ ਕਰਵਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੁਲਸ ਟੀਮਾਂ ਇਸ ਮਾਮਲੇ ਦੀ ਜਾਂਚ ਕਰਨ 'ਚ ਜੁਟੀਆਂ ਹੋਈਆਂ ਹਨ, ਜਲਦੀ ਹੀ ਮਾਮਲਾ ਹੱਲ ਕਰ ਲਿਆ ਜਾਵੇਗਾ।

# ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿਖੇ ਹਫਤਾਵਾਰੀ 2 ਰੋਜ਼ਾ ਕਥਾ ਅਤੇ ਕੀਰਤਨ ਸਮਾਗਮ

Desi Punjab YouTube www.desipunjab.in



ਲੁਧਿਆਣਾ (ਕਰਨੈਲ ਸਿੰਘ ਐੱਮ.ਏ.) ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿੱਚ ਹਫਤਾਵਾਰੀ 2 ਰੋਜ਼ਾ ਕਥਾ ਅਤੇ ਕੀਰਤਨ ਸਮਾਗਮ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਬੜੀ ਸ਼ਰਧਾ ਪੂਰਵਕ ਕਰਵਾਏ ਗਏ । ਜਿਨ੍ਹਾਂ ਵਿੱਚ ਸ਼ਨੀਵਾਰ ਸਵੇਰੇ ਅੰਮ੍ਰਿਤ ਵੇਲੇ ਤੋਂ ਗੁਰਬਾਣੀ ਦਾ ਪ੍ਰਵਾਹ ਆਰੰਭ ਹੋਇਆ । ਰੋਜ਼ਾਨਾ ਦੀ ਤਰ੍ਹਾਂ ਪਹਿਲਾਂ ਨਿੱਤਨੇਮ ਅਤੇ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿੱਚ ਕਰਵਾਏ ਗਏ । ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਜਸਵੰਤ ਸਿੰਘ, ਗਗਨਦੀਪ ਸਿੰਘ, ਅਮਨਦੀਪ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ । ਗਿਆਨੀ ਮਹਿੰਦਰ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨਾਲ ਗੁਰਬਾਣੀ ਅਤੇ ਇਤਿਹਾਸਕ ਵਿਚਾਰਾਂ ਦੀ ਸਾਂਝ ਪਾਈ । ਸ਼ਾਮ ਦੇ ਪ੍ਰੋਗਰਾਮ ਵਿੱਚ ਗਿਆਨੀ ਸੰਦੀਪ ਸਿੰਘ ਜਵੱਦੀ ਟਕਸਾਲ ਵਾਲਿਆਂ ਨੇ ਸੰਗਤਾਂ ਨਾਲ ਸੂਰਜ ਪ੍ਰਕਾਸ਼ ਦੀ ਕਥਾ ਦੀ ਵਿਆਖਿਆ ਕੀਤੀ ਅਤੇ ਸੰਗਤਾਂ ਨੂੰ ਗੁਰਬਾਣੀ ਜਸ ਨਾਲ ਜੋੜਿਆ । ਰਹਿਰਾਸ ਸੋਦਰ ਦੀ ਚੌਂਕੀ ਤੋਂ ਬਾਅਦ ਗਿਆਨੀ ਜਗਵਿੰਦਰ ਸਿੰਘ ਜਵੱਦੀ ਟਕਸਾਲ ਲੁਧਿਆਣੇ ਵਾਲਿਆਂ ਨੇ ਸੰਗਤਾਂ ਨੂੰ ਸੁਖਮਨੀ ਸਾਹਿਬ ਜੀ ਦੀ ਕਥਾ ਦੀ ਵਿਆਖਿਆ ਕੀਤੀ ਅਤੇ ਇਤਿਹਾਸਕ ਵਿਚਾਰਾਂ ਦੀ ਸੰਗਤਾਂ ਨਾਲ ਸਾਂਝ ਪਾਈ । ਸਮਾਗਮ ਦੇ ਦੂਸਰੇ ਅਤੇ ਆਖਰੀ ਦਿਨ ਹਮੇਸ਼ਾਂ ਦੀ ਤਰ੍ਹਾਂ ਸਵੇਰੇ ਅੰਮ੍ਰਿਤ ਵੇਲੇ ਤੋਂ ਹੀ ਗੁਰਬਾਣੀ ਦਾ ਪ੍ਰਵਾਹ ਆਰੰਭ ਹੋਇਆ । ਆਸਾ ਜੀ ਦੀ ਵਾਰ ਦੇ ਕੀਰਤਨ ਅਤੇ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿੱਚ ਕੀਤੇ ਗਏ । ਸ਼ਾਮ ਦੇ ਸਮਾਗਮਾਂ ਵਿੱਚ ਗਿਆਨੀ ਸੰਦੀਪ ਸਿੰਘ ਜੀ ਜਵੱਦੀ ਟਕਸਾਲ ਵਾਲਿਆਂ ਨੇ ਸੂਰਜ ਪ੍ਰਕਾਸ਼ ਦੀ ਕਥਾ ਦੀ ਵਿਆਖਿਆ ਕੀਤੀ। ਸੋਦਰ ਰਹਿਰਾਸ ਦੀ ਚੌਂਕੀ ਤੋਂ ਬਾਅਦ ਪੰਥ ਪ੍ਰਸਿੱਧ ਰਾਗੀ ਭਾਈ ਵਰਿੰਦਰ ਸਿੰਘ ਕੰਗ ਲੁਧਿਆਣੇ ਵਾਲਿਆਂ ਨੇ ਸੰਗਤਾਂ ਨੂੰ ਇਲਾਹੀ ਬਾਣੀ ਦੇ ਸਿਮਰਨ ਅਤੇ ਕੀਰਤਨ ਸ੍ਰਵਣ ਕਰਵਾਇਆ । ਭਾਰੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਆਪਣਾ ਜੀਵਨ ਸਫਲਾ ਕੀਤਾ। ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਗੁਰਦੀਪ ਸਿੰਘ ਕਾਲੜਾ ਅਤੇ ਤਰਲੋਕ ਸਿੰਘ ਸਚਦੇਵਾ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਨਾਲ ਭਾਈ ਵਰਿੰਦਰ ਸਿੰਘ ਕੰਗ ਲੁਧਿਆਣੇ ਵਾਲਿਆਂ ਦੇ ਕੀਰਤਨੀ ਜੱਥੇ ਦਾ ਸਨਮਾਨ ਕੀਤਾ । ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਸਮੇਂ ਸਿਰ ਗੁਰੂ ਘਰ ਆ ਕੇ ਕਥਾ ਅਤੇ ਕੀਰਤਨ ਦਾ ਆਨੰਦ ਮਾਣਿਆ ਕਰਨ ਅਤੇ ਆਪਣਾ ਜੀਵਨ ਸਫਲਾ ਕਰਨ । ਅਰਦਾਸ, ਹੁਕਮਨਾਮੇ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਸੰਗਤਾਂ ਵਿੱਚ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਚੇਅਰਮੈਨ ਬਲਜੀਤ ਸਿੰਘ ਸੇਠੀ, ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਦਰਸ਼ਨ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ ਚਗਰ, ਮਲਕੀਤ ਸਿੰਘ, ਯਸਪਾਲ ਸਿੰਘ, ਗੁਰਦੀਪ ਸਿੰਘ ਕਾਲੜਾ, ਹਰਵਿੰਦਰ ਸਿੰਘ ਸਰਨਾ, ਹਰਮਨ ਸਿੰਘ, ਰਜਿੰਦਰ ਸਿੰਘ ਭਾਟੀਆ, ਸੁਖਵਿੰਦਰਪਾਲ ਸਿੰਘ, ਚਰਨਜੀਤ ਸਿੰਘ ਪਾਇਲ, ਮਨਜੀਤ ਸਿੰਘ ਪਾਇਲ, ਗੁਰਚਰਨ ਸਿੰਘ, ਹਰਨੇਕ ਸਿੰਘ, ਪਰਮਜੀਤ ਸਿੰਘ, ਅਮਰਜੀਤ ਸਿੰਘ, ਬਲਬੀਰ ਸਿੰਘ, ਡਾਕਟਰ ਪ੍ਰੇਮ ਸਿੰਘ ਚਾਵਲਾ, ਤਰਲੋਕ ਸਿੰਘ ਸਚਦੇਵਾ, ਜਗਜੀਵਨਪਾਲ ਸਿੰਘ ਸੋਹਨਪਾਲ, ਵੀਰਨਜੀਤ ਸਿੰਘ ਸੋਹਨਪਾਲ, ਦਰਸਨ ਸਿੰਘ ਸੋਹਨਪਾਲ, ਵਰਿੰਦਰ ਮੋਹਨ ਸਿੰਘ, ਜਗਜੀਤ ਸਿੰਘ ਹਾਜ਼ਰ

# ਮਹਿਰੋਲੀ (ਦਿੱਲੀ) ਦੀ ਪਵਿੱਤਰ ਇਤਿਹਾਸਕ ਧਰਤੀ 'ਤੇ ਗੁਰਦੁਆਰਾ ਸਾਹਿਬ ਵਿਖੇ ਮਹਾਨ ਯੋਧੇ, ਜਰਨੈਲ, ਬਾਬਾ ਬੰਦਾ ਸਿੰਘ ਬਹਾਦਰ ਜੀ ਦਾ 309ਵਾਂ ਸ਼ਹੀਦੀ ਦਿਹਾੜਾ ਫਾਊਂਡੇਸ਼ਨ ਨੇ ਮਨਾਇਆ

Desi Punjab YouTube www.desipunjab.in



ਲੁਧਿਆਣਾ 9 ਜੂਨ (ਕਰਨੈਲ ਸਿੰਘ ਐੱਮ.ਏ.) ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਅੱਜ ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਡਾ: ਜਗਤਾਰ ਸਿੰਘ ਧੀਮਾਨ, ਕਰਨਲ ਸੁਨੀਲ ਸ਼ਰਮਾ, ਬੀਬੀ ਦੀਪ ਲੁਧਿਆਣਵੀ ਵਾਈਸ ਪ੍ਰਧਾਨ ਮਹਿਲਾ ਵਿੰਗ ਕਾਂਗਰਸ, ਜਗਜੀਵਨ ਸਿੰਘ ਗਰੀਬ ਦੀ ਸਰਪ੍ਰਸਤੀ ਹੇਠ ਮਹਾਨ ਯੋਧੇ, ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ 309ਵਾਂ ਸ਼ਹੀਦੀ ਦਿਹਾੜਾ (ਮਹਿਰੋਲੀ) ਦਿੱਲੀ ਵਿਖੇ ਮਨਾਇਆ ਗਿਆ। ਇਸ ਸਮੇਂ ਮੁੱਖ ਤੌਰ 'ਤੇ ਪ੍ਰਸਿੱਧ ਕਥਾਵਾਚਕ, ਸਿੱਖ ਵਿਦਵਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਸਾਬਕਾ ਪ੍ਰਧਾਨ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਹਾਜ਼ਰ ਹੋਏ।

ਇਸ ਸਮੇਂ ਜਥੇਦਾਰ ਦਾਦੂਵਾਲ ਨੇ ਕਿਹਾ ਕਿ ਅੱਜ ਅਸੀਂ ਦੁਨੀਆਂ ਦੀ ਇਤਿਹਾਸਕ ਧਰਤੀ ਮਹਿਰੋਲੀ 'ਤੇ ਖੜ੍ਹੇ ਹਾਂ ਜਿੱਥੇ ਮਹਾਨ ਯੋਧੇ ਜਰਨੈਲ, ਭਗਤੀ ਅਤੇ ਸ਼ਕਤੀ ਦਾ ਸੁਮੇਲ, ਕਿਸਾਨੀ ਦੇ ਮੁਕਤੀਦਾਤਾ ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਮੁਗਲਾਂ ਦੇ ਅੱਤਿਆਚਾਰ ਦਾ ਸਾਹਮਣਾ ਕਰਦੇ ਹੋਏ 740 ਸਿੰਘਾਂ (ਸਾਥੀਆਂ) ਸਮੇਤ ਅਤੇ ਬਾਬਾ ਦੇ ਚਾਰ ਸਾਲਾਂ ਸਪੁੱਤਰ ਦਾ ਕਲੇਜਾ ਕੱਢ ਕੇ ਬਾਬਾ ਜੀ ਦੇ ਮੂੰਹ ਵਿੱਚ ਤੁੰਨਿਆ ਗਿਆ। ਇਹ ਵਡਮੁੱਲੀ ਸ਼ਹਾਦਤ ਸਾਨੂੰ ਹੱਕ, ਸੱਚ ਅਤੇ ਧਰਮ ਦੀ ਖਾਤਰ ਲੜਨ ਦੀ ਪ੍ਰੇਰਨਾ ਦਿੰਦੀ ਹੈ। ਉਹਨਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਜੀਵਨ ਨਾਲ ਸੰਬੰਧਿਤ ਦਿਹਾੜੇ ਮਨਾ ਕੇ ਕ੍ਰਿਸ਼ਨ ਕੁਮਾਰ ਬਾਵਾ ਅੰਤਰਰਾਸ਼ਟਰੀ ਫਾਊਂਡੇਸ਼ਨ ਰਾਹੀਂ ਦੇਸ਼ ਵਿਦੇਸ਼ ਵਿੱਚ ਸੇਵਾ ਨਿਭਾ ਰਹੇ ਹਨ। ਇਹ ਸਿੱਖ ਇਤਿਹਾਸ ਦੀ ਵੱਡੀ ਸੇਵਾ ਹੈ।

ਇਸ ਸਮੇਂ ਸ੍ਰੀ ਬਾਵਾ, ਡਾ: ਧੀਮਾਨ ਅਤੇ ਬੀਬੀ ਦੀਪ ਨੇ ਕਿਹਾ ਕਿ ਦਿੱਲੀ ਦੀ ਇਸ ਇਤਿਹਾਸਕ ਧਰਤੀ 'ਤੇ 9 ਜੂਨ 1716 ਨੂੰ ਮੁਗਲਾਂ ਨੇ ਅੱਤਿਆਚਾਰ ਕਰਦੇ ਹੋਏ ਸੱਚ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ। ਉਹਨਾਂ ਕਿਹਾ ਕਿ 740 ਸਿੰਘਾਂ (ਸਾਥੀਆਂ) ਨੂੰ ਰੋਜਾਨਾ 100-100 ਕਰਕੇ ਕਤਲ ਕਰਨਾ, ਇਥੋਂ ਤੱਕ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਚਾਰ ਸਾਲਾਂ ਸਪੁੱਤਰ ਅਜੈ ਸਿੰਘ ਦਾ ਕਲੇਜਾ ਕੱਢ ਕੇ ਬਾਬਾ ਦੀ ਜੇ ਮੂੰਹ ਵਿੱਚ ਤੁੰਨਣਾ ਦੁਨੀਆਂ ਵਿੱਚ ਕਿਧਰੇ ਮਿਸਾਲ ਨਹੀਂ। ਉਹਨਾਂ ਇਸ ਸਮੇਂ ਦਿੱਲੀ ਸਰਕਾਰ ਤੋਂ ਮੰਗ ਕੀਤੀ ਕਿ ਮਹਿਰੋਲੀ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਲ 740 ਸਿੰਘ ਅਤੇ ਚਾਰ ਸਾਲਾਂ ਸਪੁੱਤਰ ਅਜੈ ਸਿੰਘ ਦੀ ਵਡਮੁੱਲੀ ਸ਼ਹਾਦਤ ਦਾ ਵਰਣਨ ਕਰਦੇ ਹੋਏ ਉਨ੍ਹਾਂ ਦੇ ਨਾਮ ਉਕਰੇ ਜਾਣ ਅਤੇ 740 ਫੁੱਟ ਉੱਚਾ ਸ਼ਹੀਦੀ ਸਮਾਰਕ ਬਣਾਇਆ ਜਾਵੇ। ਇਸ ਸਮੇਂ ਉਹਨਾਂ ਜਥੇਦਾਰ ਦਾਦੂਵਾਲ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਸਮੇਂ ਉਨ੍ਹਾਂ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਗੁਰਪ੍ਰਸ਼ਾਦ ਸਿੰਘ ਫਰੀਦਾਬਾਦ, ਗਗਨਪ੍ਰੀਤ ਸਿੰਘ ਅਤੇ ਜੱਥੇਦਾਰ ਦਾਦੂਵਾਲ ਜੀ ਨੂੰ "ਇਲਾਹੀ ਗਿਆਨ ਦਾ ਸਾਗਰ ਸ੍ਰੀ ਗੁਰੂ ਗ੍ਰੰਥ ਸਾਹਿਬ" ਪੁਸਤਕ ਭੇਂਟ ਕੀਤੀ ਗਈ ਜਦਕਿ ਪੰਥਕ ਕਵੀ ਦੀਪ ਲੁਧਿਆਣਵੀ ਨੇ ਆਪਣੀ ਲਿਖੀ ਪੁਸਤਕ "ਵਿਰਸੇ ਦੀ ਖੁਸ਼ਬੂ" ਜਥੇਦਾਰ ਦਾਦੂਵਾਲ ਨੂੰ ਭੇਟ ਕੀਤੀ। ਉਨ੍ਹਾਂ ਸਾਰੇ ਪ੍ਰਬੰਧਾਂ ਦੀ ਸਰਪ੍ਰਸਤੀ ਲਈ ਹਰਮੀਤ ਸਿੰਘ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਸਮੇਂ ਜਸਵੰਤ ਸਿੰਘ ਚੀਮਾ, ਗੁਰਜੀਤ ਸਿੰਘ ਖੰਨਾ ਮੈਂਬਰ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ, ਗੁਰਪ੍ਰੀਤ ਸਿੰਘ ਖੰਨਾ, ਦਮਨਜੀਤ ਸਿੰਘ ਤਨੇਜਾ ਦਾ ਵੀ ਵਿਸ਼ੇਸ਼ ਸਨਮਾਨ ਕੀਤਾ।

ਇਸ ਸਮੇਂ ਜੱਥੇ ਵਿੱਚ ਬਿੱਟੂ ਬਾਵਾ, ਢਾਡੀ ਬਲਦੇਵ ਸਿੰਘ ਰਕਬਾ ਦਾ ਜੱਥਾ, ਜਗਜੀਵਨ ਸਿੰਘ ਗਰੀਬ, ਗੁਲਸ਼ਨ ਬਾਵਾ, ਮਨਜੀਤ ਕੌਰ ਧੀਮਾਨ, ਸੀਰਤ ਕੌਰ, ਲਖਵਿੰਦਰ ਕੌਰ, ਨਵੀ ਮਾਣਕ, ਗੁਰਦਿੱਤ ਸਿੰਘ ਜਗਰਾਉ, ਪਰਮੇਸ਼ਵਰ ਸਿੰਘ, ਜਤਿੰਦਰ ਸਿੰਘ ਰਕਬਾ, ਜੋਰਾ ਸਿੰਘ ਮੁੱਲਾਂਪੁਰ, ਹਰਦੀਪ ਸਿੰਘ ਸਵੱਦੀ ਹਾਜ਼ਰ ਸਨ ।

# ਮੈਡਮ ਰਾਜਵਿੰਦਰ ਕੌਰ ਇੰਸਪੈਕਟਰ ਤੋਂ ਪ੍ਰਮੋਟ ਹੋ ਬਣੇਂ ਡੀਐਸਪੀ

Desi Punjab YouTube www.desipunjab.in



ਨਾਭਾ 9 ਜੂਨ (ਚੇਤਨ ਮਹਿਤਾ) ਮੈਡਮ ਰਾਜਵਿੰਦਰ ਕੌਰ ਜ਼ੋ ਕਿ ਪੰਜਾਬ ਪੁਲਿਸ ਵਿਚ ਇਕ ਮਿਹਨਤੀ ਅਤੇ ਇਮਾਨਦਾਰ ਪੁਲਿਸ ਅਫਸਰ ਵੱਜੋਂ ਜਾਣੇ ਜਾਂਦੇ ਹਨ। ਪਿਛਲੇ ਦਿਨੀਂ ਉਨ੍ਹਾਂ ਨੂੰ ਪੁਲਿਸ ਵਿਭਾਗ ਵੱਲੋਂ ਉਨ੍ਹਾਂ ਦੀਆਂ ਮਿਹਨਤ ਅਤੇ ਇਮਾਨਦਾਰੀ ਨਾਲ ਡਿਊਟੀ ਨਿਭਾਉਣ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਇੰਸਪੈਕਟਰ ਤੋਂ ਪ੍ਰਮੋਟ ਕਰਦਿਆਂ ਡੀਐਸਪੀ ਬਣਾਂ ਦਿੱਤਾ ਗਿਆ ਹੈ।

ਇਥੇ ਦੱਸਣਯੋਗ ਹੈ ਕਿ ਡੀਐਸਪੀ ਮੈਡਮ ਰਾਜਵਿੰਦਰ ਕੌਰ ਜਿਨ੍ਹਾਂ ਦਾ ਜਨਮ ਸੁਨਾਮ ਦੇ ਨੇੜਲੇ ਪਿੰਡ ਚੱਠੇ ਵਿਖੇ ਹੋਇਆ। ਉਹਨਾਂ ਨੇ ਆਪਣੀ ਸਖ਼ਤ ਮਿਹਨਤ ਨਾਲ ਆਪਣੀ ਉਚ ਵਿਦਿਆ ਪ੍ਰਾਪਤ ਕਰਨ ਉਪਰੰਤ ਇਸ ਮੁਕਾਮ ਤੇ ਪਹੁੰਚ ਕੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ। ਅੱਜ ਉਨ੍ਹਾਂ ਨੂੰ ਡੀਐਸਪੀ ਬਣਨ ਤੇ ਸ਼ਹਿਰ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਪਾਈਂ ਜਾ ਰਹੀ ਹੈ। ਅਤੇ ਵਧਾਈਆ ਦੇਣ ਵਾਲਾ ਤਾਂਤਾ ਲੱਗਾ ਹੋਇਆ ਹੈ। ਜ਼ਿਕਰਯੋਗ ਹੈ ਕਿ ਮੈਡਮ ਰਾਜਵਿੰਦਰ ਕੌਰ ਨੇ ਬਤੌਰ ਇੰਸਪੈਕਟਰ ਨਾਭਾ ਸ਼ਹਿਰ ਕੋਤਵਾਲੀ ਵਿਖੇ ਕਰੋਨਾ ਟਾਇਮ ਆਪਣੀ ਡਿਊਟੀ ਮਿਹਨਤ ਅਤੇ ਇਮਾਨਦਾਰੀ ਲਗਨ ਨਾਲ ਨਿਭਾਈ। ਅਤੇ ਹਰ ਲੋੜਵੰਦ ਦੀ ਮਦਦ ਵੀ ਕੀਤੀ। ਅਤੇ ਥਾਣਾ ਭਾਦਸੋਂ ਵਿਖੇ ਵੀ ਆਪਣੀਆਂ ਸੇਵਾਵਾਂ ਨਿਭਾਈਆਂ ਹਨ।

# ਅੱਤ ਦੀ ਗਰਮੀ ਵਿੱਚ ਸਰਕਾਰੀ ਕਣਕ ਲੈਣ ਲਈ ਲੋਕ ਹੋ ਰਹੇ ਖੱਜਲ ਖੁਆਰ







ਜੰਡਿਆਲਾ ਗੁਰੂ (ਸੁਖਜਿੰਦਰ ਸਿੰਘ ਸੋਨੂੰ)-: ਅੱਜ ਹਲਕਾ ਜੰਡਿਆਲਾ ਗੁਰੂ ਦੇ ਵਾਰਡ ਨੰਬਰ 7 ਕਸਤੂਰੀ ਦੇ ਡਿਪੂ ਦੀ ਵ੍ਹਟਸਐਪ ਤੇ ਵੀਡੀਓ ਵਾਇਰਲ ਹੋ ਰਹੀ ਸੀ ਜਿਸ ਵਿੱਚ ਦੇਖਿਆ ਜਾਂ ਰਿਹਾ ਸੀ ਕੇ ਹਲਕਾ ਜੰਡਿਆਲਾ ਗੁਰੂ ਦੇ ਲੋਕ ਕਣਕ ਲੈਣ ਲਈ ਅੱਤ ਦੀ ਗਰਮੀ ਵਿੱਚ ਪ੍ਰੇਸ਼ਾਨ ਹੋ ਰਹੇ ਹਨ ਅਤੇ ਉਸ ਵਿੱਚ ਲੋਕ ਇਹ ਵੀ ਦੱਸ ਰਹੇ ਸਨ ਕਿ ਡਿਪੂ ਹੋਲਡਰ ਵਲੋਂ ਉਹਨਾਂ ਨੂੰ ਸਵੇਰ ਦੇ ਸੱਤ ਵਜੇਂ ਦਾ ਟਾਈਮ ਦਿੱਤਾ ਗਿਆ ਸੀ ਪਰ 11 ਵੱਜਣ ਤੇ ਵੀ ਡਿਪੂ ਹੋਲਡਰ ਉਥੇ ਨਹੀ ਪਹੁੰਚਿਆ ਜਿਸ ਕਰਨ ਲੋਕਾਂ ਨੂੰ ਅੱਤ ਦੀ ਗਰਮੀ ਦਾ ਸਾਮਣਾਂ ਕਰਨਾ ਪੈ ਰਿਹਾ ਹੈ।ਪੱਤਰਕਾਰਾ ਦੀ ਟੀਮ ਵੱਲੋਂ ਲੋਕਾ ਨਾਲ ਗੱਲ ਬਾਤ ਕੀਤੀ ਗਈ ਜਿਸ ਵਿੱਚ ਲੋਕਾਂ ਵਲੋਂ ਦੱਸਿਆ ਗਿਆ ਕਿ ਡਿਪੂ ਵਾਲਾ ਸਾਨੂੰ ਕਣਕ ਆਉਣ ਦੀ ਕੋਈ ਵੀ ਜਾਣਕਾਰੀ ਨਹੀਂ ਦਿੰਦਾ ਡਿਪੂ ਹੋਲਡਰ ਨੂੰ ਅਸੀ ਦੋ ਦੋ ਫ਼ੋਨ ਨੰਬਰ ਲਿਖਵਾਏ ਹਨ ਪਰ ਇਹ ਸਾਨੂੰ ਇਕ ਤੇ ਵੀ ਫ਼ੋਨ ਨਹੀ ਕਰਦਾ ਅਤੇ ਸਾਡੇ ਵਲੋਂ ਪੁੱਛਣ ਤੇ ਡਿਪੂ ਵਾਲਾ ਕਹਿੰਦਾ ਹੈ ਕਿ ਮੈਂ ਤਾਹਨੂੰ ਫ਼ੋਨ ਕੀਤਾ ਪਰ ਤੁਸੀਂ ਚੁੱਕਿਆ ਨਹੀ । ਅਸੀ ਆਪਣੀਆ ਦਿਹਾੜੀਆਂ ਭੰਨ ਕੇ ਕਣਕ ਲੈਣ ਆਉਣੇ ਹਾਂ ਪਰ ਫਿਰ ਵੀ ਸਾਨੂੰ ਟਾਈਮ ਤੇ ਕਣਕ ਨਹੀਂ ਦਿੱਤੀ ਜਾਂਦੀ ਅਤੇ ਇਹ ਸਾਡੇ ਨਾਲ ਬਹੁਤ ਹੀ ਗਲਤ ਭਾਸ਼ਾ ਦੀ ਵਰਤੋ ਕਰਦਾ ਹੈ ।ਇਸ ਤੋਂ ਇਲਵਾ ਉਥੇ ਨਾ ਕੋਈ ਪੀਣ ਦੇ ਪਾਣੀ ਦਾ ਪ੍ਰਬੰਧ ਅਤੇ ਨਾ ਕੋਈ ਚਾਨਣੀ ਦਾ ਪ੍ਰਬੰਧ ਹੈ। ਇਹ ਸਿਰਫ ਇਹੋ ਡਿਪੂ ਦਾ ਹਾਲ ਨਹੀਂ ਹਲਕੇ ਵਿੱਚ ਜਿੰਨੇ ਵੀ ਹੋਰ ਡਿਪੂ ਵਾਲੇ ਨੇ ਜੋ ਇਸੇ ਤਰਾਂ ਕਰਦੇ ਹਨ। ਲੋਕਾਂ ਵਲੋਂ ਇਹ ਵੀ ਕਿਹਾ ਗਿਆ ਕਿ ਅਸੀ ਤਾਂ ਇਹ ਸਰਕਾਰ ਆਪਣੇ ਭਲੇ ਲਈ ਬਦਲੀ ਸੀ ਕਿ ਮਾਣਯੋਗ ਭਗਵੰਤ ਸਿੰਘ ਮਾਨ ਵਲੋ ਲੋਕਾਂ ਨੂੰ ਵਾਧਦੇ ਕੀਤੇ ਗਏ ਸੀ ਕੀ ਹੁਣ ਘਰ ਘਰ ਜਾ ਕੇ ਕਣਕ ਵੰਡੀ ਜਵਾਏਗੀ ਪਰ ਇਹਦਾਂ ਦਾ ਕੁੱਝ ਨਹੀ ਹੋਇਆ ਪੱਤਰਕਾਰਾਂ ਵਲੋ ਡਿੱਪੂ ਹੋਲਡਰ ਨਾਲ ਵੀ ਗੱਲ ਕੀਤੀ ਗਈ ਅਤੇ ਡਿਪੂ ਹੋਲਡਰ ਲੋਕਾਂ ਵਲੋ ਲਾਏ ਜਾਂ ਰਹੇ ਇਲਜ਼ਾਮ ਤੋਂ ਉਲਟ ਬੋਲ ਰਿਹਾ ਸੀ ਕਿ ਮੇਰੇ ਵਲੋਂ ਕਿਸੇ ਨੂੰ ਵੀ ਸੱਤ ਵਜੇ ਦਾ ਟਾਈਮ ਨਹੀ ਦਿੱਤਾ ਗਿਆ ਅਤੇ ਮੈਂ ਕਿਸੇ ਨਾਲ ਵੀ ਗਲਤ ਭਾਸ਼ਾ ਦੀ ਵਰਤੋਂ ਨਹੀ ਕਰਦਾ । ਮੌਕੇ ਤੇ ਪੁਹੰਚੇ ਕਿਸਾਨ ਯੂਨੀਅਨ ਦੇ ਪ੍ਰਧਾਨ ਦਿਲਜੀਤ ਸਿੰਘ ਖਾਲਸਾ ਨੇ ਕਿਹਾ ਕਿ ਇਦਾਂ ਦੀ ਕਿਉ ਨੌਬਤ ਆਉਂਦੀ ਹੈ ਕਿ ਜਨਤਾ ਵਲੋਂ ਸਾਨੂੰ ਆਵਾਜ ਚੁੱਕਣੀ ਪੈ ਰਹੀ ਹੈ ।

# ਪੰਪ ਦੇ ਕਰਿੰਦੇ ਨਾਲ ਲੁੱਟ ਖੋਹ ਕਰਨ ਵਾਲੇ ਮੋਟਰਸਾਈਕਲ ਸਵਾਰ ਲੁਟੇਰੇ ਪੁਲਿਸ ਅੜਿਕੇ



ਤਪਾ ਮੰਡੀ, ਜੂਨ (ਧੀਮਾਨ)

ਤਪਾ ਪੁਲਿਸ ਨੂੰ ਸਮੇਂ ਵੱਡੀ ਹਾਸਲ ਸਫਲਤਾ ਹੱਥ ਲੱਗੀ, ਜਦੋਂ ਪੁਲਿਸ ਨੇ ਪੰਪ ਦੇ ਕਰਿੰਦੇ ਨਾਲ ਲੁੱਟ ਖੋਹ ਕਰਨ ਵਾਲੇ ਮੋਟਰਸਾਈਕਲ ਸਵਾਰ ਦੋ ਲੁਟੇਰਿਆ ਨੂੰ ਕੁਝ ਹੀ ਘੰਟਿਆਂ ਬਾਅਦ ਕਾਬੂ ਕਰ ਲਿਆ, ਜਦਕਿ ਤੀਸਰੇ ਦੋਸ਼ੀ ਦੀ ਭਾਲ ਜਾਰੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਮੁਖੀ ਮੈਡਮ ਰੇਨੂ ਪਰੋਚਾ ਅਤੇ ਸਿਟੀ ਇੰਚਾਰਜ ਬਲਜੀਤ ਸਿੰਘ ਢਿੱਲੋ ਨੇ ਪ੍ਰੈੱਸ ਕਾਨਫਰੰਸ ਕਰਦਿਆਂ ਦੱਸਿਆ ਕਿ ਸਹਾਇਕ ਥਾਣੇਦਾਰ ਸਤਿਗੁਰ ਸਿੰਘ ਪਾਸ ਮੁਦਈ ਅਸ਼ੋਕ ਕੁਮਾਰ ਨੇ ਆਪਣਾ ਬਿਆਨ ਲਿਖਵਾਇਆ ਕਿ ਮੈ ਪੈਟਰੋਲ ਪੰਪ ਤੇ ਬਤੌਰ ਮਜ਼ਦੂਰੀ ਕਰਦਾ ਹਾਂ।ਪਿਛਲੇ ਦਿਨੀ ਮੈਂ ਆਪਣੇ ਪਿੰਡ ਕੁਚਾਮਨ ਸਿਟੀ ਜ਼ਿਲ੍ਹਾ ਨਗੌਰ ਰਾਜਸਥਾਨ ਵਿਖੇ ਆਪਣੇ ਪਰਿਵਾਰ ਨੂੰ ਮਿਲਣ ਜਾਣਾ ਸੀ ਤਾ ਮੈਂ ਆਪਣੇ ਮਾਲਕ ਤੇ ਆਪਣੀ ਤਨਖਾਹ ਵਿਚੋ 10 ਹਜਾਰ ਰੁਪਏ ਕੈਸ ਲੈ ਲਏ ਸਨ ਅਤੇ ਮੈਂ ਬੱਸ ਚੜ੍ਹਨ ਲਈ ਬਾਬਾ ਇੰਦਰਦਾਸ ਡੇਰਾ ਨੈਸਨਲ ਹਾਈਵੇ ਬਰਨਾਲਾ-ਬਠਿੰਡਾ ਰੋਡ ਪੁਲ ਉੱਤਰਨ ਖੜ੍ਹਾ ਸੀ ਤਾ ਰੌਂਗ ਸਾਈਡ ਸਿਲੱਪ ਰੋਡ ਪਰ ਬਠਿੰਡਾ ਸਾਈਡ ਪਾਸੋ ਇੱਕ ਮੋਟਰਸਾਇਕਲ ਪਰ ਸਵਾਰ ਦੋ ਅਣਪਛਾਤੇ ਨੋਜਵਾਨ ਵਿਅਕਤੀ ਆਏ, ਜਿੰਨਾਂ ਮੈਨੂੰ ਧੱਕੇ ਨਾਲ ਮੋਟਰਸਾਈਕਲ ਤੇ ਬਿਠਾ ਲਿਆ ਤੇ ਅੱਗੇ ਪੁਲ ਉੱਤਰਨ ਸਾਰ ਸਰਾਬ ਵਾਲੇ ਠੇਕੇ ਨਜਦੀਕ ਸੁਨਸਾਨ ਜਗ੍ਹਾ ਪਰ ਮੋਟਰਸਾਇਕਲ ਰੋਕ ਕੇ ਖੜਾ ਲਿਆ ਤੇ ਮੇਰੇ ਤੋਂ ਧੱਕੇ ਨਾਲ 10 ਹਜ਼ਾਰ ਪਏ ਝਪਟ ਮਾਰ ਕੇ ਖੋਹ ਲਏ ਤੇ ਮੌਕਾ ਤੋ ਮੋਟਰਸਾਇਕਲ ਭਜਾ ਕੇ ਬਠਿੰਡਾ ਸਾਈਡ ਵੱਲ ਨੂੰ ਚਲੇ ਗਏ ਤੇ ਮੈ ਉਹਨਾ ਦੇ ਮੋਟਰਸਾਇਕਲ ਦਾ ਨੰਬਰ ਜਾਦੇ ਸਮੇ ਪੜ ਲਿਆ, ਫਿਰ ਮੈ ਫੋਨ ਕਰਕੇ ਆਪਣੇ ਮਾਲਕ ਨੂੰ ਇਸ ਬਾਰੇ ਦੱਸਿਆ ਜੋ ਮੇਰਾ ਮਾਲਕ ਉਕਤ ਮੌਕਾ ਪਰ ਆ ਕੇ ਮੈਨੂੰ ਆਪਣੇ ਨਾਲ ਲੈ ਗਿਆ। ਹੁਣ ਤੱਕ ਅਸੀ ਆਪਣੇ ਤੋਰ ਤੇ ਉਹਨਾ ਮੋਟਰਸਾਇਕਲ ਸਵਾਰ ਦੋ ਨੋਜਵਾਨ ਵਿਅਕਤੀਆ ਦੀ ਤਲਾਸ ਕਰਦੇ ਰਹੇ, ਜਿੰਨਾ ਬਾਰੇ ਕੁਝ ਪਤਾ ਨਹੀ ਲੱਗਾ"। ਜਿਸ ਦੇ ਅਧਾਰ ਪਰ ਉਕਤ ਮੁਕੱਦਮਾ ਬਰਖਿਲਾਫ ਮੋਟਰਸਾਇਕਲ ਸਵਾਰ ਦੋ ਅਣਪਛਾਤੇ ਵਿਅਕਤੀਆ ਦੇ ਥਾਣਾ ਤਪਾ ਦਰਜ ਰਜਿਸਟਰ ਕੀਤਾ ਗਿਆ ਸੀ। ਜਿਸ ਤੋਂ ਬਾਅਦ ਪੁਲਿਸ ਨੇ ਮੁਖਬਰ ਖਾਸ ਦੀ ਇਤਲਾਹ ਪਰ ਮੁਕੱਦਮਾ ਵਿਚ ਨਵਜੋਤ ਸਿੰਘ ਉਰਫ ਜੋਤ ਉਰਫ ਲਵੀ ਪੁੱਤਰ ਸਵਰਨ ਸਿੰਘ ਵਾਸੀ ਪਿੰਡ ਮਹਿਤਾ ਅਤੇ ਕਰਨ ਕੁਮਾਰ ਉਰਫ ਪਵਨ ਪੁੱਤਰ ਮਹਿੰਦਰ ਰਾਮ ਵਾਸੀ ਨੇੜੇ ਸਰਕਾਰੀ ਹਸਪਤਾਲ ਪਿਆਰਾ ਲਾਲ ਬਸਤੀ ਤਪਾ ਨੂੰ ਬਤੌਰ ਦੋਸੀਆਨ ਨਾਮਜਦ ਕੀਤਾ ਗਿਆ ਸੀ ਅਤੇ ਤਫਤੀਸ ਦੋਰਾਨ ਹੀ ਦੋਸੀਆ ਨੂੰ ਮਾਤਾ ਦਾਤੀ ਰੋਡ ਤੋਂ ਕੱਚੇ ਰਾਸਤੇ ਪਰ ਸਮੇਤ ਵਾਰਦਾਤ ਸਮੇ ਵਰਤੇ ਮੋਟਰਸਾਇਕਲ ਸਣੇ ਕਾਬੂ ਕੀਤਾ ਗਿਆ। ਜਦ ਕਿ ਪੁਲਿਸ ਵੱਲੋਂ ਤੀਸਰੇ ਦੋਸ਼ੀ ਦੀ ਭਾਲ ਜਾਰੀ ਹੈ।ਫਿਲਹਾਲ ਪੁਲਿਸ ਨੇ ਦੋਸੀਆਨ ਉਕਤਾਨ ਦਾ 03 ਦਿਨ ਦਾ ਪੁਲਿਸ ਰਿਮਾਂਡ ਹਾਸਲ ਕਰਕੇ ਪੁੱਛ ਗਿੱਛ ਕੀਤੀ ਜਾਵੇਗੀ। ਇਸ ਮੌਕੇ ਸਹਾਇਕ ਥਾਣੇਦਾਰ ਸਤਿਗੁਰ ਸਿੰਘ, ਸਹਾਇਕ ਥਾਣੇਦਾਰ ਰਣਜੀਤ ਸਿੰਘ, ਹੌਲਦਾਰ ਸੰਦੀਪ ਸਿੰਘ, ਹੌਲਦਾਰ ਇਕਬਾਲ ਸਿੰਘ, ਹੌਲਦਾਰ ਗੁਰਪਿਆਰ ਸਿੰਘ, ਹੋਲਦਾਰ ਗੁਰਜੀਤ ਸਿੰਘ ਆਦ ਮੌਜੂਦ ਸਨ।

# ਸ਼ਹਿਰ ਵਾਸੀਆਂ ਦੀ ਜਾਨ ਮਾਲ ਦੀ ਹਿਫਾਜ਼ਤ ਕਰਨਾ ਮੇਰਾ ਪਹਿਲਾ ਫਰਜ ਹੈ,ਮੰਤਰੀ ਸ:ਹਰਭਜਨ ਸਿੰਘ ਈ.ਟੀ.ਓ



ਜੰਡਿਆਲਾ ਗੁਰੂ,8ਜੂਨ(ਸੁਖਜਿੰਦਰ ਸਿੰਘ ਸੋਨੂੰ) ਜੰਡਿਆਲਾ ਗੁਰੂ ਵਿਖੇ ਜਗਦੀਸ਼ ਹਾਲ ਵਿੱਚ ਦੁਕਾਨਦਾਰਾਂ ਵੱਖ-ਵੱਖ ਯੂਨੀਅਨ ਦੇ ਆਗੂਆਂ ਨਾਲ ਜੰਡਿਆਲਾ ਗੁਰੂ ਸ਼ਹਿਰ ਦੇ ਕੈਬਨਟ ਮੰਤਰੀ ਹਰਭਜਨ ਸਿੰਘ ਈਟੀਓ ਅਤੇ ਪੁਲਿਸ ਜਿਲਾ ਦੇ ਦਿਹਾਤੀ ਦੇ ਐਸਐਸਪੀ ਮਨਿੰਦਰ ਸਿੰਘ ਵੱਲੋਂ ਸ਼ਹਿਰ ਵਿੱਚ ਚਿੰਤਾਜਨਕ ਹਾਲਾਤਾਂ ਨੂੰ ਵੇਖਦਿਆਂ ਮੀਟਿੰਗ ਕੀਤੀ ਗਈ| ਸਮੂਹ ਦੁਕਾਨਦਾਰਾਂ ਨੂੰ ਅਪੀਲ ਕਰਦਿਆਂ ਕੈਬਨਟ ਮੰਤਰੀ ਹਰਭਜਨ ਸਿੰਘ ਨੇ ਕਿਹਾ ਕਿ ਸ਼ਹਿਰ ਵਾਸੀਆਂ ਦੀ ਜਾਨ ਮਾਲ ਦੀ ਹਿਫਾਜ਼ਤ ਕਰਨਾ ਮੇਰਾ ਪਹਿਲਾ ਫਰਜ ਹੈ ਦੁਕਾਨਦਾਰਾਂ ਨੂੰ ਕੋਈ ਵੀ ਪਰੇਸ਼ਾਨੀ ਆਉਂਦੀ ਤਾਂ ਪਹਿਲਾਂ ਪੁਲਿਸ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਗੈਰ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪੈ ਸਕੇ| ਉਹਨਾਂ ਕਿਹਾ ਕਿ ਸ਼ਹਿਰ ਦੀ ਆਮਨ ਸ਼ਾਂਤੀ ਦੀ ਬਹਾਲੀ ਵਾਸਤੇ ਸ਼ਹਿਰ ਵਿੱਚ ਪੁਲਿਸ ਨਾਕੇ ਵਧਾ ਦਿੱਤੇ ਜਾਣਗੇ ਤੇ 20 ਪੁਲਿਸ ਮੁਲਾਜ਼ਮ ਹੋਰ ਸ਼ਹਿਰ ਵਿੱਚ ਤੈਨਾਤ ਕੀਤੇ ਜਾਣਗੇ| ਐਸਐਸਪੀ ਮਨਿੰਦਰ ਸਿੰਘ ਨੇ ਕਿਹਾ ਕਿ ਦੁਕਾਨਦਾਰ ਆਪਣੀਆਂ ਰੋਜਾਨਾ ਵਾਂਗ ਦੁਕਾਨਾਂ ਖੋਲਣ ਪੁਲਿਸ ਮੁਲਾਜ਼ਮ ਇਨਾ ਫਰੋਤੀ ਮੰਗਣ ਵਾਲੇ ਗੈਰ ਸਮਾਜਿਕ ਅਨਸਰਾਂ ਨੂੰ ਗ੍ਰਿਫਤਾਰ ਕਰਕੇ ਹਵਾਲਾਤ ਵਿੱਚ ਭੇਜ ਦੇਣਗੇ| ਉਹਨਾਂ ਕਿਹਾ ਕਿ ਪੁਲਿਸ ਨੂੰ ਸ਼ਹਿਰ ਵਾਸੀਆਂ ਦੇ ਸਹਿਯੋਗ ਦੀ ਲੋੜ ਹੈ 10 ਦਿਨਾਂ ਦੇ ਅੰਦਰ ਅੰਦਰ ਨਤੀਜੇ ਤੁਹਾਡੇ ਸਾਹਮਣੇ ਹੋਣਗੇ| ਉਹਨਾਂ ਨੇ ਮੋਟਰਸਾਈਕਲ ,ਸਕੂਟਰ ਆਦਿ ਵਾਹਣ ਚਲਾਉਣ ਵਾਲਿਆਂ ਨੂੰ ਕਿਹਾ ਕਿ ਜੇ ਕਿਸੇ ਨੇ ਮੂੰਹ ਉੱਤੇ ਕੱਪੜਾ ਬੰਨਿਆ ਤਾਂ ਪੁਲਿਸ ਉਨਾ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕਰੇਗੀ|ਦੁਕਾਨਦਾਰਾਂ ਨੇ ਵੀ ਆਪਣੀ ਸੁਰੱਖਿਆ ਯਕੀਨੀ ਬਣਾਉਣ ਤੇ ਰੋਜਾਨਾ ਆਪਣੀਆਂ ਦੁਕਾਨਾਂ ਖੋਲਣ ਲਈ ਮੰਨ ਗਏ| ਇਸ ਮੌਕੇ ਡੀਐਸਪੀ ਰਵਿੰਦਰ ਸਿੰਘ, ਐਸਐਚ ਓ ਹਰਚੰਦ ਸਿੰਘ, ਸਤਿੰਦਰ ਸਿੰਘ, ਨਰੇਸ਼ ਪਾਠਕ ਐਸਐਸ ਬੋਰਡ ਮੈਂਬਰ, ਪ੍ਰਧਾਨ ਸਰਬਜੀਤ ਸਿੰਘ ਡਿੰਪੀ, ਅਮਰੀਕ ਸਿੰਘ ਸੋਢੀ ਤੇ ਸ਼ਹਿਰ ਵਾਸੀ ਹਾਜ਼ਰ ਸਨ|

# ਯੂਥ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਨਵਤੇਜ ਸਿੰਘ ਨੇ ਬੀਤੇ ਦਿਨੀਂ ਗੋਲੀਆਂ ਨਾਲ ਜ਼ਖਮੀ ਹੋਏ ਕਸ਼ਮੀਰ ਸਿੰਘ ਦਾਂ ਹਸਪਤਾਲ ਵਿੱਚ ਜਾਂ ਕੇ ਹਾਲ ਚਾਲ ਪੁੱਛਿਆ।



ਜੰਡਿਆਲਾ ਗੁਰੂ (ਸੁਖਜਿੰਦਰ ਸਿੰਘ ਸੋਨੂੰ):- ਬੀਤੇ ਦਿਨ ਜੰਡਿਆਲਾ ਗੁਰੂ ਵੈਰੋਵਾਲ ਰੋਡ ਵਿਖੇ ਸਥਿਤ ਸੁਰਿੰਦਰ ਕਰਿਆਨਾ ਸਟੋਰ ਤੇ ਮੋਟਰਸਾਇਕਲ ਸਵਾਰਾਂ ਵੱਲੋਂ ਚਲਾਈਆਂ ਗਈਆਂ ਗੋਲੀਆਂ ਵਿੱਚ ਜ਼ਖਮੀ ਹੋਏ ਕਸ਼ਮੀਰ ਸਿੰਘ ਦਾ ਗੁਰੂ ਨਾਨਕ ਦੇਵ ਹਸਪਤਾਲ ਵਿੱਚ ਪਤਾ ਲੈਣ ਲਈ ਪੁਹੰਚੇ ਨੌਜਵਾਨ ਆਗੂ ਨਵਤੇਜ ਸਿੰਘ ਜਨਰਲ ਸਕੱਤਰ ਪੰਜਾਬ ਨੇ ਕੁੱਝ ਚੁਣਿੰਦਾ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਕਿਹਾ ਕਿ ਜੰਡਿਆਲਾ ਗੁਰੂ ਸ਼ਹਿਰ ਆਏ ਦਿਨ ਵੱਧ ਰਹੀਆਂ ਵਾਰਦਾਤਾਂ ਨਾਲ ਸ਼ਹਿਰ ਵਿੱਚ ਸਹਿਮ ਦਾ ਮਾਹੌਲ ਪੈਦਾ ਕਰਨ ਦੀਆਂ ਕੋਸਿਸਾਂ ਕੀਤੀਆ ਜਾ ਰਹੀਆ ਹਨ ਬੀਤੇ ਦਿਨ ਸ਼ਹਿਰ ਦੇ ਕੌਂਸਲਰ ਦੇ ਸਿਰ ਵਿਚ ਗੋਲੀਆਂ ਮਾਰ ਕੇ ਉਸ ਦਾ ਕਤਲ ਕਰ ਦਿੱਤਾ ਗਿਆ ਅਤੇ ਕੁਝ ਦਿਨਾਂ ਬਾਅਦ ਸੁਰਿੰਦਰ ਕਰਿਆਨਾ ਸਟੋਰ ਉਪਰ ਫਿਰੌਤੀ ਦੇ ਕੇਸ ਚ ਤਿੰਨ ਨਕਾਬਪੋਸ਼ ਮੋਟਰਸਾਇਕਲ ਸਵਾਰਾਂ ਵੱਲੋਂ ਗੋਲੀਆਂ ਚਲਾਈਆਂ ਗਈਆਂ ਜਿਸ ਵਿੱਚ ਇੱਕ ਮਜਦੂਰ ਵਿਅਕਤੀ ਜੋ ਡਲਿਵਰੀ ਕਰਨ ਆਏ ਦੇ ਦੋ ਗੋਲੀਆਂ ਲੱਗ ਗਈਆਂ ਜਿਸ ਨਾਲ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਇੱਥੇ ਮੈਂ ਕਹਿਣਾ ਚਾਹੁੰਦਾ ਹਾਂ ਮੌਜੂਦਾ ਸਰਕਾਰ ਇਨਾਂ ਭੈੜੇ ਅਨਸਰਾਂ ਨੂੰ ਜਲਦੀ ਤੋਂ ਜਲਦੀ ਨੱਥ ਪਾਉਣੀ ਚਾਹੀਦੀ ਹੈ ਅਤੇ ਇਹਨਾਂ ਗੈਂਗਸਟਰਾਂ ਨੂੰ ਸਲਾਖਾਂ ਪਿੱਛੇ ਸੁੱਟਣਾ ਚਾਹੀਦਾ ਹੈ।

ਯੂਥ ਕਾਂਗਰਸ ਪਾਰਟੀ ਦੇ ਜਨਰਲ ਸਕੱਤਰ ਨਵਤੇਜ ਸਿੰਘ ਕਿਹਾ ਕਿ ਜੰਡਿਆਲਾ ਗੁਰੂ ਵਿੱਚ ਇਸ ਵਕਤ ਲਾ ਐਂਡ ਆਰਡਰ ਦੀ ਸਥਿਤੀ ਡਾਵਾਂਡੋਲ ਹੋਏ ਪਈ ਹੈ ਸ਼ਰੇਆਮ ਗੋਲੀਆਂ ਚਲਾਈਆਂ ਜਾ ਰਹੀਆਂ ਹਨ ਤੇ ਦੁਕਾਨਦਾਰਾਂ ਨੂੰ ਧਮਕੀਆ ਵਾਲੀਆਂ ਫੌਨ ਕਾਲਾਂ ਆਉਂਦੀ ਹਨ ਨਸ਼ਾ ਦਿਨੋ ਦਿਨ ਵੱਧਦਾ ਜਾ ਰਿਹਾ ਹੈ ਸਾਡੀ ਨੌਜੁਵਾਨ ਪੀੜ੍ਹੀ ਨਸ਼ਿਆਂ ਦੀ ਦਲਦਲ ਵਿੱਚ ਧਸਦੀ ਜਾ ਰਹੀ ਹੈ ਸਮੇਂ ਦੀ ਲੋੜ ਹੈ ਇਹਨਾਂ ਨੂੰ ਸਹੀ ਸੇਧ ਦੇਣ ਦੀ ਤੇ ਸਹੀ ਰਸਤੇ ਤੇ ਲਿਆਂ ਕੇ ਨਵਾਂ ਜੀਵਨ ਦੇਣ ਦੀ ਤੇ ਜੋਂ ਨਸ਼ਾ ਤਸਕਰ ਨਸ਼ਾ ਵੇਚਕੇ ਆਪਣੇ ਘਰ ਬਣਾਉਂਦੇ ਹਨ ਓਹਨਾ ਨੂੰ ਜੇਲਾਂ ਵਿੱਚ ਸੁੱਟਣ ਦੀ ਇਹ ਤਾਂ ਹੀ ਹੋ ਸਕਦਾ ਹੈ ਜੇਕਰ ਲੋਕਾ ਨੂੰ ਰੁਜਗਾਰ ਪ੍ਰਾਪਤ ਹੋਵੇ ਤੇ ਲੋਕ ਇਹਨਾਂ ਮਾੜੇ ਕੰਮਾਂ ਨੂੰ ਤਿਆਗ ਕੇ ਸਹੀ ਰਸਤੇ ਚੱਲ ਸਕਣ ਇਸ ਮੌਕੇ ਭੁਪਿੰਦਰ ਸਿੰਘ, ਬੇਅੰਤ ਸਿੰਘ,ਸੁਖਬੀਰ ਸਿੰਘ, ਰਾਜਵਿੰਦਰ ਸਿੰਘ, ਹਾਜਰ ਸਨ।

# ਕਾਨਪੁਰ 'ਚ ਮਿਲੀ ਨੌਜਵਾਨ ਦੀ ਨੰਗੀ ਲਾਸ਼, ਪੁਲਿਸ ਜਾਂਚ 'ਚ ਜੁਟੀ

ਸੁਨੀਲ ਬਾਜਪਾਈ

ਕਾਨਪੁਰ। ਇੱਥੇ ਕਤਲ ਕੀਤੇ ਨੌਜਵਾਨਾਂ ਦੀਆਂ ਲਾਸ਼ਾਂ ਮਿਲਣ ਦਾ ਸਿਲਸਿਲਾ ਜਾਰੀ ਹੈ, ਜਿਸ ਵਿੱਚ ਇੱਕ ਅਣਪਛਾਤੇ ਨੌਜਵਾਨ ਦੀ ਇੱਕ ਹੋਰ ਨੰਗੀ ਲਾਸ਼ ਮਿਲੀ ਹੈ, ਜਿਸ ਬਾਰੇ ਜਾਣਕਾਰੀ ਮਿਲਣ ਤੋਂ ਬਾਅਦ ਪੁਲਿਸ ਨੇ ਉਸਦੀ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ ਅਤੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਫਿਲਹਾਲ ਖ਼ਬਰ ਲਿਖੇ ਜਾਣ ਤੱਕ ਉਸਦੀ ਪਛਾਣ ਨਹੀਂ ਹੋ ਸਕੀ ਹੈ। ਇਹ ਕਿਸੇ ਅਣਪਛਾਤੇ ਨੌਜਵਾਨ ਦੀ ਲਾਸ਼ ਮਿਲਣ ਦਾ ਪਹਿਲਾ ਮਾਮਲਾ ਨਹੀਂ ਹੈ। ਇਸ ਤੋਂ ਪਹਿਲਾਂ ਵੀ ਵੱਖ-ਵੱਖ ਥਾਣਿਆਂ ਦੇ ਇਲਾਕਿਆਂ ਵਿੱਚ ਅਜਿਹੀਆਂ ਲਾਸ਼ਾਂ ਮਿਲੀਆਂ ਹਨ, ਜਿਨ੍ਹਾਂ ਵਿੱਚੋਂ ਕਈਆਂ ਦੀ ਅੱਜ ਤੱਕ ਪਛਾਣ ਨਹੀਂ ਹੋ ਸਕੀ ਹੈ।

ਸੋਮਵਾਰ ਨੂੰ ਸ਼ੱਕੀ ਹਾਲਾਤਾਂ ਵਿੱਚ ਇੱਕ ਨੌਜਵਾਨ ਦੀ ਨੰਗੀ ਲਾਸ਼ ਮਿਲਣ ਦਾ ਇਹ ਮਾਮਲਾ ਜਾਜਮੌ ਪੁਲਿਸ ਸਟੇਸ਼ਨ ਖੇਤਰ ਨਾਲ ਸਬੰਧਤ ਹੈ।

ਜਾਣਕਾਰੀ ਅਨੁਸਾਰ ਜਦੋਂ ਇਲਾਕੇ ਦੇ ਲੋਕਾਂ ਨੇ ਨੌਜਵਾਨ ਦੀ ਲਾਸ਼ ਦੇਖੀ ਤਾਂ ਉਨ੍ਹਾਂ ਨੇ ਪੁਲਿਸ ਨੂੰ ਸੂਚਿਤ ਕੀਤਾ। ਜਾਜਮੌ ਪੁਲਿਸ ਸਟੇਸ਼ਨ ਦੀ ਪੁਲਿਸ ਅਤੇ ਫੋਰੈਂਸਿਕ ਟੀਮ ਜਾਂਚ ਲਈ ਮੌਕੇ 'ਤੇ ਪਹੁੰਚੀ। ਕਾਫ਼ੀ ਜਾਂਚ ਤੋਂ ਬਾਅਦ ਵੀ ਨੌਜਵਾਨ ਦੀ ਪਛਾਣ ਨਹੀਂ ਹੋ ਸਕੀ। ਪੁਲਿਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ।

ਮੌਕੇ 'ਤੇ ਪਹੁੰਚੀ ਪੁਲਿਸ ਵੱਲੋਂ ਏਸੀਪੀ ਚਕੇਰੀ ਅਭਿਸ਼ੇਕ ਪਾਂਡੇ ਨੇ ਦੱਸਿਆ ਕਿ ਸਵੇਰੇ ਜਾਜਮੌ ਥਾਣਾ ਖੇਤਰ ਦੇ ਅਸਰਫਾਬਾਦ ਇਲਾਕੇ ਵਿੱਚ ਇੱਕ ਨੌਜਵਾਨ ਦੀ ਲਾਸ਼ ਸੜਕ 'ਤੇ ਨੰਗਾ ਪਈ ਮਿਲੀ। ਇਲਾਕੇ ਦੇ ਲੋਕਾਂ ਦੀ ਸੂਚਨਾ 'ਤੇ ਜਾਜਮੌ ਥਾਣਾ ਪੁਲਿਸ ਜਾਂਚ ਲਈ ਮੌਕੇ 'ਤੇ ਪਹੁੰਚੀ। ਪੁਲਿਸ ਅਤੇ ਫੋਰੈਂਸਿਕ ਟੀਮ ਨੇ ਮੌਕੇ 'ਤੇ ਸਬੂਤ ਇਕੱਠੇ ਕੀਤੇ। ਜਾਂਚ ਦੌਰਾਨ ਪੁਲਿਸ ਨੂੰ ਕੁਝ ਵੀ ਸ਼ੱਕੀ ਨਹੀਂ ਮਿਲਿਆ।

ਪੁੱਛਗਿੱਛ ਦੌਰਾਨ, ਇਲਾਕੇ ਦੇ ਲੋਕਾਂ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਦੇਰ ਰਾਤ ਇਲਾਕੇ ਵਿੱਚ ਘੁੰਮਦਾ ਦੇਖਿਆ ਗਿਆ ਸੀ। ਉਹ ਕੁਝ ਨੌਜਵਾਨਾਂ ਨਾਲ ਝਗੜਾ ਕਰ ਰਿਹਾ ਸੀ ਅਤੇ ਗਾਲ੍ਹਾਂ ਕੱਢ ਰਿਹਾ ਸੀ। ਇਸ ਤੋਂ ਬਾਅਦ ਸਵੇਰੇ ਲਾਸ਼ ਮਿਲੀ। ਪੁਲਿਸ ਨੇ ਦੱਸਿਆ ਕਿ ਉਸਦੀ ਪਛਾਣ ਪ੍ਰਗਟ ਕਰ ਦਿੱਤੀ ਗਈ ਹੈ। ਕੋਸ਼ਿਸ਼ਾਂ ਦੇ ਨਾਲ-ਨਾਲ ਮ੍ਰਿਤਕ ਦੇਹ ਨੂੰ ਪੋਸਟਮਾਰਟਮ ਲਈ ਭੇਜ ਕੇ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

# 7 ਜੂਨ 2025 ਨੂੰ ਸੈਨ ਫਰਾਂਸਿਸਕੋ ਵਿੱਚ ਸ਼ਹੀਦਾਂ ਦੇ ਸਿਰਤਾਜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਜੂਨ '1984 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ ਸਜਾਏ ਗਏ ਨਗਰ ਕੀਰਤਨ



। ਰਈਆ /9/ਜੂਨ /ਬਲਵਿੰਦਰ ਸਿੰਘ ਸੰਧੂ ਭਾਰਤ ਦੀ ਜਾਲਮ ਹਕੂਮਤ ਵੱਲੋਂ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਉੱਪਰ ਹਮਲਾ ਕੀਤਾ ਗਿਆ ਅਤੇ ਅਕਾਲ ਤਖਤ ਨੂੰ ਢੇਰੀ ਕਰਕੇ 10,000 ਤੋਂ ਵੱਧ ਸਿੱਖਾਂ ਦਾ ਕਤਲੇਆਮ ਕੀਤਾ ਤੀਸਰੇ ਘੱਲੂਘਾਰਾ ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਕੈਲੇਫੋਰਨੀਆ ਦੇ ਸਿੱਖ ਭਾਈਚਾਰੇ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਇਸ ਮੌਕੇ ਤੇ ਸਰਦਾਰ ਸਿਮਰਨਜੀਤ ਸਿੰਘ ਮਾਨ ਦੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਐਸਏ ਵੱਲੋਂ ਕੈਲੇਫੋਰਨੀਆ ਦੇ ਪ੍ਰਧਾਨ ਸ ਤਰਸੇਮ ਸਿੰਘ ਖ਼ਾਲਸਾ ਹੁਰਾ ਦੀ ਅਗਵਾਈ ਵਿੱਚ ਜੱਥੇਬੰਦੀ ਦੇ ਵਰਕਰਾਂ ਵੱਲੋਂ ਖਾਲਿਸਤਾਨੀ ਫਲੋਟ ਸਜਾਏ ਗਏ।ਅਤੇ ਆਪਣੇ ਪਾਰਟੀ ਮੈਂਬਰਾਂ ਦੇ ਨਾਲ ਹਾਜ਼ਰੀ ਲਵਾਈ ਇਸ ਵਿੱਚ ਮੌਜੂਦ ਸਨ ਸਰਦਾਰ ਤਰਸੇਮ ਸਿੰਘ ਜਰਨੈਲ ਸਿੰਘ ਸਤਨਾਮ ਸਿੰਘ ਬੀਬੀ ਮਨਦੀਪ ਕੌਰ ਗੁਰਵਿੰਦਰ ਸਿੰਘ ਸੰਧੂ ਜਸਬੀਰ ਸਿੰਘ ਸਰਬਜੀਤ ਸਿੰਘ ਰਣਜੀਤ ਸਿੰਘ .ਇਸ ਮੌਕੇ ਤੇ ਅਤੁੱਟ ਲੰਗਰ ਵੀ ਵਰਤਾਇਆ ਗਿਆ ਅਤੇ ਗਤਕੇ ਤੇ ਜੌਹਰ ਵੀ ਦਿਖਾਏ ਗਏ ਤੇ ਮਹਾਨ ਸ਼ਖਸੀਅਤਾਂ ਵੱਲੋਂ ਪੰਜਾਬ ਦਾ ਇਤਿਹਾਸ ਦੱਸਿਆ ਗਿਆ ਤੇ ਸਿੰਘਾਂ ਨੂੰ ਜਾਗਰਿਕ ਹੋਣ ਨੂੰ ਕਿਹਾ ਅਤੇ ਖਾਲਿਸਤਾਨ ਦੇ ਨਾਅਰੇ ਵੀ ਲਾਏ ਗਏ ਤੇ ਖਾਲਿਸਤਾਨ ਬਹੁਤ ਜਲਦੀ ਬਣੇਗਾ ਇਹਦੀ ਸਪੈਸਟੀ ਵੀ ਕੀਤੀ ਗਈਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਜਥੇਬੰਦੀਆਂ ਵੱਲੋਂ ਵੱਡੀ ਗਿਣਤੀ ਵਿੱਚ ਪਹੁੰਚ ਕੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਦਿੱਤੀਆਂ ਗਈਆਂ

# ਸਾਬਕਾ ਚੇਅਰਮੈਨ ਡਾ: ਜਗਤਾਰ ਸਿੰਘ ਨੂੰ ਸਦਮਾਂ ਵੱਡੀ ਭਰਜਾਈ ਦਾ ਦੇਹਾਂਤ

ਗੁਰਤੇਜ ਜੋਸ਼ੀ

ਮਾਲੇਰਕੋਟਲਾ,09 ਜੂਨ। ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਡਾ: ਜਗਤਾਰ ਸਿੰਘ ਜੱਗੀ ਅਤੇ ਸਮੂੰਹ ਪਰਿਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਨ੍ਹਾਂ ਦੀ ਮਾਂ ਵਰਗੀ ਵੱਡੀ ਭਰਜਾਈ ਬੀਬੀ ਬਲਜੀਤ ਕੌਰ ਧਰਮਪਤਨੀ ਹਰਜਿੰਦਰ ਸਿੰਘ ਵਾਸੀ ਪਿੰਡ ਝੁਨੇਰ ਮਲੇਰਕੋਟਲਾ ਦੀ ਅਚਾਨਕ ਮੌਤ ਹੋ ਗਈ। ਜਿਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਝੁਨੇਰ ਵਿੱਖੇ ਧਾਰਮਿਕ ਰੀਤੀ ਰਿਵਾਜਾਂ ਅਨੁਸਾਰ ਕੀਤਾ ਗਿਆ। ਇਸ ਦੁੱਖ ਦੀ ਘੜੀ ਵਿੱਚ ਸਮੂੰਹ ਪਰਿਵਾਰ ਨਾਲ ਸਾਬਕਾ ਖਜ਼ਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਸਾਬਕਾ ਪਾਰਲੀਮਾਨੀ ਸਕੱਤਰ ਬੀਬੀ ਫਰਜ਼ਾਨਾ ਆਲਮ, ਅਕਾਲੀ ਆਗੂ ਜਗਤਾਰ ਸਿੰਘ ਜੱਗੀ ਅਹਿਮਦਗੜ੍ਹ, ਹਰਦੇਵ ਸਿੰਘ ਕਲਿਆਣ,

ਜਥੇਦਾਰ ਹਾਕਮ ਸਿੰਘ ਚਕ, ਹਾਜੀ ਤੁਫ਼ੈਲ ਮਲਿਕ, ਐਡਵੋਕੇਟ ਜੁਲਫਕਾਰ ਮਲਿਕ, ਹਾਜੀ ਅਖ਼ਤਰ ਕੌਂਸਲਰ, ਸਮਾਜਿਕ ਅਤੇ ਧਾਰਮਿਕ ਜਥਬੰਦੀਆਂ ਤੋਂ ਇਲਾਵਾ ਇਲਾਕੇ ਦੇ ਸਰਪੰਚ, ਪੰਚ, ਨੰਬਰਦਾਰ ਤੇ ਪੱਤਰਕਾਰ ਭਾਈਚਾਰਾ ਸੰਦੋੜ ਅਤੇ ਮਲੇਰਕੋਟਲਾ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ।ਡਾ: ਜਗਤਾਰ ਸਿੰਘ ਜੱਗੀ ਨੇ ਦੱਸਿਆ ਕਿ ਵਿਛੜੀ ਰੂਹ ਦੇ ਨਮਿਰਿਤ ਅੰਤਿਮ ਅਰਦਾਸ 17 ਜੂਨੇ 2025 ਦਿਨ ਮੰਗਲਵਾਰ ਨੂੰ ਦੁਪਹਿਰ 11 ਵਜੇ ਤੋਂ 01 ਵਜੇ ਤੱਕ ਉਨ੍ਹਾਂ ਦੇ ਜੱਦੀ ਪਿੰਡ ਝੁਨੇਰ ਦੇ ਗੁਰਦੁਆਰਾ ਬੇਰੀ ਸ਼ਾਹਿਬ ਵਿੱਖੇ ਹੋਵੇਗੀ।

# ਸੈਂਟ ਸੋਲਜਰਏ ਇਲੀਟ ਕਾਨਵੈਂਟ ਸਕੂਲ ਵਿੱਚ ਵਾਤਾਵਰਨ ਦਿਵਸ ਮਨਾਇਆ ਗਿਆ।



ਜੰਡਿਆਲਾ ਗੁਰੂ(ਸੁਖਜਿੰਦਰ ਸਿੰਘ ਸੋਨੂੰ)ਅੱਜ ਵਾਤਾਵਰਨ ਸੰਭਾਲ ਲਈ ਯੋਧੇ ਬਣਨ ਲਈ ਅਤੇ ਸੰਵੇਦਨਸ਼ੀਲ ਬਣਾਉਣ ਲਈ ਸੈਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਵਾਤਾਵਰਨ ਦਿਵਸ ਮਨਾਇਆ ਗਿਆ। ਬੱਚਿਆਂ ਨੂੰ ਜਾਗਰੂਕ ਕੀਤਾ ਗਿਆ ਕਿ ਹਰ ਦਿਨ ਵਾਤਾਵਰਨ ਦਿਵਸ ਹੈ ਅਤੇ ਵਾਤਾਵਰਨ ਦਿਵਸ ਮਨਾਉਣ ਦਾ ਉਦੇਸ਼ ਸਾਡੇ ਘਾਹ ਨੂੰ ਹਰਾ ਅਤੇ ਸਾਡੇ ਆਸਮਾਨ ਨੂੰ ਨੀਲਾ ਰੱਖਣਾ ਹੈ ਜਿਸ ਨਾਲ ਘੱਟ ਪ੍ਰਦੂਸ਼ਣ ਹੋਵੇ। ਧਰਤੀ ਨੂੰ ਭਿਆਨਕ ਗਰਮੀ ਤੋਂ ਬਚਾਉਣ ਲਈ ਅਤੇ ਲੋੜ ਦੀ ਘੜੀ ਨੂੰ ਸਮਝਣ ਲਈ ਸੈਂਟ ਸੋਲਜਰ ਸਕੂਲ ਦੇ ਵਿਦਿਆਰਥੀਆਂ ਨੇ ਸਕੂਲ ਦੇ ਆਲੇ ਦੁਆਲੇ ਪੌਦੇ ਲਗਾਏ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਵੱਲੋਂ ਵਿਦਿਆਰਥੀ ਨਾਲ ਮਿਲ ਕੇ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਸਹੁੰ ਚੁੱਕੀ। ਅਤੇ ਬੱਚਿਆਂ ਨੂੰ ਵੀ ਵਾਤਾਵਰਨ ਨੂੰ ਸੰਭਾਲਣ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਕਿਹਾ। ਇਸ ਸਬੰਧ ਵਿੱਚ ਸਕੂਲ ਵੱਲੋਂ ਬੱਚਿਆਂ ਨੂੰ" ਇੱਕ ਬੱਚਾ ਇੱਕ ਪੌਦਾ" ਦੇ ਨਾਂ ਦਾ ਪ੍ਰੋਜੈਕਟ ਦਿੱਤਾ ਗਿਆ। ਵਿਦਿਆਰਥੀ ਆਪਣੇ ਘਰਾਂ ਵਿੱਚ ਜਾਂ ਘਰਾਂ ਦੇ ਆਲੇ ਦੁਆਲੇ ਇੱਕ ਪੌਦਾ ਲਗਾ ਕੇ ਉਸ ਦੀ ਫੋਟੋ ਕਲਿੱਕ ਕਰਨਗੇ ਅਤੇ ਹਰ ਇੱਕ ਬੱਚੇ ਦਾ ਪ੍ਰਮੋਸ਼ਨ ਗਰਾਫ ਬਣਾਈ ਰੱਖਿਆ ਜਾਵੇਗਾ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਅੱਜ ਲੋੜ ਹੈ ਬੱਚਿਆਂ ਨੂੰ ਵਾਤਾਵਰਨ ਦਿਵਸ ਬਾਰੇ ਦੱਸਣ ਦੀ ਤਾਂ ਕਿ ਬੱਚੇ ਇਹ ਸਮਝ ਸਕਣ ਕਿ ਰੁੱਖ ਲਗਾਉਣੇ ਕਿੰਨੇ ਜਰੂਰੀ ਹਨ ਤਾਂ ਹੀ ਅਸੀਂ ਆਉਣ ਵਾਲੀ ਪੀੜ੍ਹੀ ਨੂੰ ਹਰਿਆ ਭਰਿਆ ਵਾਤਾਵਰਨ ਦੇ ਸਕਦੇ ਹਾਂ। ਇਸ ਮੌਕੇ ਸਕੂਲ ਦੇ ਵਾਈਸ ਸਿੰਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨਿਲਾਕਸ਼ੀ ਗੁਪਤਾ ਕੁਆਰਡੀਨੇਟਰ ਸਟਾਫ ਤੇ ਬੱਚੇ

# ਵੱਖ-ਵੱਖ ਆਗੂਆਂ ਨੇ ਆਪ ਆਗੂ ਸਤਨਾਮ ਨਾਗਰਾ ਨਾਲ ਕੀਤਾ ਦੁੱਖ ਦਾ ਪ੍ਰਗਟਾਵਾ



ਨੂਰਪੁਰਬੇਦੀ, 9 ਜੂਨ (ਅਜੈ ਪੁਰੀ) ਸੀਨੀਅਰ ਆਪ ਆਗੂ ਅਤੇ ਵਿਧਾਇਕ ਦਿਨੇਸ਼ ਚੱਢਾ ਦੇ ਦਫਤਰ ਇੰਚਾਰਜ਼ ਸਤਨਾਮ ਨਾਗਰਾ ਦੀ ਨਾਨੀ ਸ਼੍ਰੀਮਤੀ ਸਵਰਨ ਕੌਰ ਬੀਤੇ ਦਿਨੀ ਅਕਾਲ ਚਲਾਣਾ ਕਰ ਗਏ ਸਨ। ਉਹਨਾਂ ਦੀ ਅਚਾਨਕ ਹੋਈ ਮੌਤ ਕਾਰਨ ਵੱਖ-ਵੱਖ ਸਮਾਜ ਸੇਵੀ ਧਾਰਮਿਕ ਅਤੇ ਰਾਜਨੀਤਿਕ ਆਗੂਆਂ ਚ ਸਾਂਸਦ ਮਾਲਵਿੰਦਰ ਸਿੰਘ ਕੰਗ, ਐਮਐਲਏ ਅਮਲੋਹ ਗੈਰੀ ਬੜਿੰਗ, ਹਲਕਾ ਵਿਧਾਇਕ ਦਿਨੇਸ਼ ਚੱਢਾ, ਨਰਿੰਦਰ ਚਾਹਲ, ਚੇਅਰਮੈਨ ਰਾਮ ਕੁਮਾਰ ਮਕਾਰੀ, ਚੇਅਰਮੈਨ ਸ਼ਿਵ ਕੁਮਾਰ ਲਾਲਪੁਰਾ, ਚੇਅਰਮੈਨ ਭਾਗ ਸਿੰਘ ਮੈਦਾਨ, ਐਮਸੀ ਰਾਜੂ ਸਤਿਆਲ, ਟਰੇਡ ਵਿੰਗ ਜਿਲਾ ਪ੍ਰਧਾਨ ਲਲਿਤ ਡਕਾਲਾ, ਐਡਵੋਕੇਟ ਵਿਕਾਸ ਬਰਮਾ, ਚੇਅਰਮੈਨ ਸੁਖਦੇਵ ਸਿੰਘ ਮੀਆਂਪੁਰ, ਐਡਵੋਕੇਟ ਗੁਰਪ੍ਰੀਤ ਸਿੰਘ, ਚੌਧਰੀ ਹੁਸਨ ਲਾਲ, ਚੌਧਰੀ ਕਮਲ ਚੌਹਾਨ, ਚੌਧਰੀ ਪ੍ਰੇਮ ਝਾਂਡੀਆਂ, ਚੌਧਰੀ ਨਰਿੰਦਰ ਝਾਂਡੀਆਂ, ਬਲਾਕ ਪ੍ਰਧਾਨ ਜਤਿੰਦਰ ਕਾਕਾ, ਸਰਪੰਚ ਪਰਮਿੰਦਰ ਸਿੰਘ, ਸਰਪੰਚ ਰਵਿੰਦਰ ਸਿੰਘ, ਸਰਪੰਚ ਮਹਿੰਦਰ ਸਿੰਘ, ਸਰਪੰਚ ਗੁਰਜੀਤ ਗੋਲਡੀ, ਸਰਪੰਚ ਅਵਤਾਰ ਕੂਨਰ, ਦੀਪਕ ਪੁਰੀ ਯੂਥ ਆਗੂ, ਦੇਸਰਾਜ ਸੈਣੀਮਾਜਰਾ, ਕਮਲਜੀਤ ਸੈਣੀ, ਅਤੁਲ ਬਾਂਸਲ, ਰਾਜਵੀਰ ਕਾਲਾ, ਸਰਪੰਚ ਰੋਹਿਤ ਕੁਮਾਰ ਵਿੱਕੀ, ਮੋਹਿਤ ਸ਼ਰਮਾ, ਐਡਵੋਕੇਟ ਮਲਕੀਤ ਸਿੰਘ ਰੋਪੜ, ਐਡਵੋਕੇਟ ਮੁਨੀਸ਼ ਪੁਰੀ, ਐਡਵੋਕੇਟ ਸਤਨਾਮ ਸਿੰਘ ਗਿੱਲ, ਨਰਿੰਦਰ ਝਾਂਡੀਆਂ, ਜਤਿੰਦਰ ਕਾਕਾ, ਗੁਰਦੀਪ ਸਿੰਘ ਬੜਵਾ, ਐਡਵੋਕੇਟ ਗੌਰਵ ਕਪੂਰ, ਨੀਸ਼ੀ ਸੈਣੀ, ਅਭਿਸ਼ੇਕ ਹੱਲਣ, ਸਰਪੰਚ ਅਵਤਾਰ ਸਿੰਘ ਕੂੰਨਰ, ਤਿਲਕ ਰਾਜ ਪੰਮਾ, ਅਧਿਆਪਕ ਆਗੂ ਅਵਨੀਤ ਚੱਡਾ, ਮਾਸਟਰ ਗੁਰਵਿੰਦਰ ਸਿੰਘ ਸਸਕੋਰ, ਰਮਨ ਸਸਕੋਰ, ਪੰਮੂ ਹਰੀਪੁਰ, ਬਲਾਕ ਪ੍ਰਧਾਨ ਬਚਿੱਤਰ ਸਿੰਘ, ਚੌਧਰੀ ਸੁਰਿੰਦਰ ਸਿੰਘ ਘਾਈ ਮਾਜਰਾ, ਸੰਜੂ ਸਬੋਰ, ਰਜੀਵ ਮਾਲੀਆ, ਮਨਪ੍ਰੀਤ ਕੌਸ਼ਲ, ਐਡਵੋਕੇਟ ਗੌਰਵ ਕਪੂਰ, ਬਲਾਕ ਪ੍ਰਧਾਨ ਪਰਮਿੰਦਰ ਬਾਲਾ, ਤੇ ਹੋਰਾਂ ਨੇ ਸਤਨਾਮ ਨਾਗਰਾ ਤੇ ਸਮੁੱਚੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਤੇ ਵਿਛੜੀ ਰੂਹ ਨੂੰ ਵਾਹਿਗੁਰੂ ਦੇ ਚਰਨਾਂ ਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ ਦੀ ਅਰਦਾਸ ਕੀਤੀ।

# ਅਕਾਲੀ ਦਲ ਨੇ ਦਿੱਲੀ ਸਰਕਾਰ ਵੱਲੋਂ ਦਿੱਲੀ ਕਮੇਟੀ ਵਿਚ ਦਖਲਅੰਦਾਜ਼ੀ ਵਿਰੁੱਧ ਸੰਸਦ ਦੇ ਸਾਹਮਣੇ ਕੀਤਾ ਪ੍ਰਦਰਸ਼ਨ

## ਦਿੱਲੀ ਪੁਲਿਸ ਨੇ ਪ੍ਰਦਰਸ਼ਨਕਾਰੀਆਂ ਨੂੰ ਮੁੱਖ ਮੰਤਰੀ ਦਾ ਪੁਤਲਾ ਸਾੜਨ ਤੋਂ ਰੋਕਿਆ



ਨਵੀਂ ਦਿੱਲੀ ਜੂਨ (ਮਨਪ੍ਰੀਤ ਸਿੰਘ ਖਾਲਸਾ):-ਦਿੱਲੀ ਸਰਕਾਰ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਥਿਤ ਗਠਜੋੜ ਨੂੰ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿੱਚ ਦਖਲਅੰਦਾਜ਼ੀ ਦੱਸਦਿਆਂ, ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਨੇ ਅੱਜ ਸੰਸਦ ਵੱਲ ਮਾਰਚ ਕੀਤਾ। ਸਤਿਨਾਮ-ਵਾਹਿਗੁਰੂ ਦਾ ਜਾਪ ਕਰਦੇ ਹੋਏ, ਹਜ਼ਾਰਾਂ ਲੋਕਾਂ ਨੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀਕੇ ਦੀ ਸਾਂਝੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ, ਰਾਜ ਦਫ਼ਤਰ ਤੋਂ ਸੰਸਦ ਵੱਲ ਰੋਸ ਮਾਰਚ ਸ਼ੁਰੂ ਕੀਤਾ। ਪਰ ਦਿੱਲੀ ਪੁਲਿਸ ਨੇ ਉਨ੍ਹਾਂ ਨੂੰ ਗੁਰਦੁਆਰਾ ਰਕਾਬਗੰਜ ਸਾਹਿਬ ਚੌਂਕ 'ਤੇ ਬੈਰੀਕੇਡਿੰਗ ਕਰਕੇ ਰੋਕ ਦਿੱਤਾ। ਜਿਸ ਤੋਂ ਬਾਅਦ ਦੋਵਾਂ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਮਾਸਟਰ ਤਾਰਾ ਸਿੰਘ ਦੇ ਬੁੱਤ ਸਾਹਮਣੇ ਸੰਗਤ ਨੂੰ ਸੰਬੋਧਨ ਕੀਤਾ। ਅਕਾਲੀ ਆਗੂਆਂ ਨੇ ਦੋਸ਼ ਲਗਾਇਆ ਕਿ ਦਿੱਲੀ ਸਰਕਾਰ ਦੇ ਮੰਤਰੀਆਂ ਵੱਲੋਂ ਦਿੱਲੀ ਕਮੇਟੀ ਦੇ ਦੋ ਚੁਣੇ ਹੋਏ ਮੈਂਬਰਾਂ ਦੀ ਮੈਂਬਰਸ਼ਿਪ ਸਿਆਸੀ ਦੁਰਭਾਵਨਾ ਕਾਰਨ ਰੱਦ ਕੀਤੇ ਜਾਣ ਦੇ ਵਿਰੋਧ ਵਿੱਚ ਅੱਜ ਹਜ਼ਾਰਾਂ ਧਾਰਮਿਕ ਸਿੱਖ ਇੱਥੇ ਇਕੱਠੇ ਹੋਏ ਹਨ। ਇਸ ਮੌਕੇ ਦਿੱਲੀ ਪੁਲਿਸ ਨੇ ਪ੍ਰਦਰਸ਼ਨਕਾਰੀਆਂ ਨੂੰ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਦਾ ਪੁਤਲਾ ਸਾੜਨ ਨਹੀਂ ਦਿੱਤਾ ਅਤੇ ਪੁਤਲਾ ਫਾੜ ਦਿੱਤਾ ਗਿਆ। ਜਿਸ ਕਾਰਨ ਝੜਪ ਕਾਫ਼ੀ ਸਮੇਂ ਤੱਕ ਜਾਰੀ ਰਹੀ। ਇਸ ਮੌਕੇ ਸਰਨਾ ਨੇ ਦਾਅਵਾ ਕੀਤਾ ਕਿ ਭਾਜਪਾ ਸਿੱਖਾਂ ਦੀਆਂ ਧਾਰਮਿਕ ਕਮੇਟੀਆਂ ਵਿੱਚ ਲਗਾਤਾਰ ਦਖਲਅੰਦਾਜ਼ੀ ਕਰ ਰਹੀ ਹੈ। ਹਜ਼ੂਰ ਸਾਹਿਬ, ਪਟਨਾ ਸਾਹਿਬ, ਹਰਿਆਣਾ ਕਮੇਟੀ ਤੋਂ ਬਾਅਦ ਹੁਣ ਇਹ ਰਾਜਨੀਤਿਕ ਦਖਲਅੰਦਾਜ਼ੀ ਦਿੱਲੀ ਕਮੇਟੀ ਤੱਕ ਪਹੁੰਚ ਗਈ ਹੈ। ਸਾਡੇ ਦੋ ਚੁਣੇ ਹੋਏ ਦਿੱਲੀ ਕਮੇਟੀ ਮੈਂਬਰਾਂ ਨੂੰ ਕੱਢ ਦਿੱਤਾ ਗਿਆ ਹੈ ਅਤੇ ਕਥਿਤ ਸ਼ਰਾਬੀਆਂ ਅਤੇ ਕਸਾਈਆਂ ਨੂੰ ਕਮੇਟੀ ਮੈਂਬਰ ਬਣਾਇਆ ਗਿਆ ਹੈ। ਇਹ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿੱਚ ਸਰਕਾਰ ਦੀ ਸਿੱਧੀ ਦਖਲਅੰਦਾਜ਼ੀ ਹੈ। ਪ੍ਰਧਾਨ ਮੰਤਰੀ ਅਤੇ ਕੇਂਦਰੀ ਗ੍ਰਹਿ ਮੰਤਰੀ ਬਹੁਤ ਸਮਝਦਾਰ ਹਨ, ਉਨ੍ਹਾਂ ਨੂੰ ਸਮੇਂ ਨੂੰ ਸਮਝ ਕੇ ਫੈਸਲੇ ਲੈਣੇ ਚਾਹੀਦੇ ਹਨ, ਕਿਉਂਕਿ ਇਹ ਕੰਮ ਭਾਜਪਾ ਨੂੰ ਬਹੁਤ ਮਹਿੰਗਾ ਪਵੇਗਾ। ਦਿੱਲੀ ਹਾਈ ਕੋਰਟ ਤੋਂ ਅਨੈਤਿਕ ਢੰਗ ਨਾਲ ਪਟੀਸ਼ਨ ਵਾਪਸ ਲੈਣ ਤੋਂ ਬਾਅਦ ਭੱਜਣ ਵਾਲੇ ਲੋਕਾਂ ਨੂੰ ਦਿੱਲੀ ਕਮੇਟੀ ਦਾ ਮੈਂਬਰ ਬਣਾਉਣ ਦੀ ਗਲਤੀ ਕੀਤੀ ਗਈ ਹੈ। ਸਰਨਾ ਨੇ ਕਿਹਾ ਕਿ ਮਾਸਟਰ ਤਾਰਾ ਸਿੰਘ ਦੀ ਉਂਗਲੀ ਅਜੇ ਵੀ ਦੇਸ਼ ਦੀ ਸੰਸਦ ਵੱਲ ਹੈ। ਇਹ ਇਸ ਗੱਲ ਦਾ ਸੰਕੇਤ ਹੈ ਕਿ ਸਰਕਾਰ ਨੂੰ ਆਜ਼ਾਦੀ ਸਮੇਂ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਕਰਨੇ ਚਾਹੀਦੇ ਹਨ ਪਰ ਸਰਕਾਰ ਸਿੱਖਾਂ ਨਾਲ ਟਕਰਾਅ ਦੇ ਰਾਹ 'ਤੇ ਚੱਲ ਰਹੀ ਹੈ। ਜੀ.ਕੇ. ਨੇ ਕਿਹਾ ਕਿ ਅਸੀਂ ਇਹ ਲੜਾਈ ਸੜਕਾਂ ਤੋਂ ਲੈ ਕੇ ਅਦਾਲਤਾਂ ਤੱਕ ਲੜਾਂਗੇ ਅਤੇ ਸਰਕਾਰ ਦੇ ਬੇਇਨਸਾਫ਼ੀ ਅਤੇ ਅਨੈਤਿਕ ਕੰਮਾਂ ਦਾ ਵਿਰੋਧ ਕਰਾਂਗੇ। ਕਿਉਂਕਿ ਸਰਕਾਰ ਨੇ ਲੋਕਤੰਤਰ ਦਾ ਕਤਲ ਕੀਤਾ ਹੈ। ਅਸੀਂ ਢੁਕਵਾਂ ਜਵਾਬ ਦੇਵਾਂਗੇ, ਇੱਕ ਸਰਕਾਰੀ ਕਲਰਕ ਨੂੰ ਅੱਗੇ ਰੱਖ ਕੇ, ਅਸੀਂ ਸੰਗਤ ਦੇ ਸਾਹਮਣੇ ਪਰਦੇ ਪਿੱਛੇ ਇਹ ਖੇਡ ਖੇਡਣ ਵਾਲਿਆਂ ਨੂੰ ਬੇਨਕਾਬ ਕਰਾਂਗੇ। ਸਾਡਾ ਗੁੱਸਾ ਦਿੱਲੀ ਸਰਕਾਰ ਅਤੇ ਦਿੱਲੀ ਕਮੇਟੀ ਦੋਵਾਂ ਵਿਰੁੱਧ ਹੈ। ਕਿਉਂਕਿ ਦਿੱਲੀ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ, ਦਿੱਲੀ ਸਰਕਾਰ ਆਮ ਚੋਣਾਂ ਲਈ ਵੋਟਰ ਬਣਾਉਣ ਦੀ ਬਜਾਏ ਚੋਰ ਮੋਰੀ ਰਾਹੀਂ ਗੈਰ-ਕਾਨੂੰਨੀ ਤੌਰ 'ਤੇ ਮੈਂਬਰਾਂ ਦਾ ਤਬਾਦਲਾ ਕਰ ਰਹੀ ਹੈ। ਜਿਨ੍ਹਾਂ ਮੈਂਬਰਾਂ ਦੀ ਮੈਂਬਰਸ਼ਿਪ ਖਤਮ ਕੀਤੀ ਗਈ ਸੀ, ਉਨ੍ਹਾਂ ਨੂੰ ਕੋਈ ਅਗਾਊਂ ਸੂਚਨਾ ਨਹੀਂ ਦਿੱਤੀ ਗਈ ਸੀ ਅਤੇ ਜਿਨ੍ਹਾਂ ਨੂੰ ਨਵੇਂ ਮੈਂਬਰ ਬਣਾਇਆ ਗਿਆ ਸੀ, ਉਨ੍ਹਾਂ ਦੀ ਯੋਗਤਾ ਦਿੱਲੀ ਕਮੇਟੀ ਦੀ ਧਾਰਾ 10 ਤਹਿਤ ਨਹੀਂ ਜਾਂਚੀ ਗਈ ਸੀ ਅਤੇ ਨਾ ਹੀ ਉਨ੍ਹਾਂ ਦਾ ਗੁਰੂਮੁਖੀ ਭਾਸ਼ਾ ਦਾ ਟੈਸਟ ਲਿਆ ਗਿਆ ਸੀ। ਇਸ ਮੌਕੇ ਦਿੱਲੀ ਕਮੇਟੀ ਦੇ ਕਈ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਅਧਿਕਾਰੀ ਅਤੇ ਵਰਕਰ ਮੌਜੂਦ ਸਨ।

# ਨਿਊਜ਼ੀਲੈਂਡ ਦੇ ਗੁਰਦੁਆਰਾ ਨਾਨਕਸਰ ਮੈਨੁਰੇਵਾ ਵਿਖੇ ਜੂਨ 84 ਦੇ ਸ਼ਹੀਦਾਂ ਦੀ ਯਾਦ ਵਿੱਚ ਕਰਵਾਇਆ ਗਿਆ ਸਮਾਗਮ



ਨਵੀਂ ਦਿੱਲੀ ਜੂਨ (ਮਨਪ੍ਰੀਤ ਸਿੰਘ ਖਾਲਸਾ):- ਨਿਊਜ਼ੀਲੈਂਡ ਦੇ ਗੁਰਦੁਆਰਾ ਨਾਨਕਸਰ ਠਾਠ ਈਸ਼ਰ ਦਰਬਾਰ, ਮੈਨੁਰੇਵਾ ਵਿਖੇ ਜੂਨ 84 ਦੇ ਸ਼ਹੀਦਾਂ ਦੀ ਯਾਦ ਵਿੱਚ ਸਮਾਗਮ ਕਰਵਾਇਆ ਗਿਆ । ਇਸ ਵਿਸ਼ੇਸ਼ ਪ੍ਰੋਗਰਾਮ ਲਈ ਗੁਰੂ ਘਰ ਦੀ ਪ੍ਰਬੰਧਕ ਕਮੇਟੀ ਅਤੇ ਨੌਜਵਾਨ ਸੇਵਾਦਾਰਾਂ ਨੇ ਸਹਿਯੋਗ ਕਰਦਿਆਂ ਪ੍ਰਬੰਧ ਕੀਤਾ ਸੀ । ਇਸ ਮੌਕੇ ਭਾਈ ਸੁਰਿੰਦਰ ਸਿੰਘ ਜੀ ਨੇ ਕੀਰਤਨ ਅਤੇ ਭਾਈ ਜਸਵੰਤ ਸਿੰਘ ਦੀਵਾਨਾ ਦੇ ਢਾਡੀ ਜੱਥੇ ਨੇ ਜੋਸ਼ੀਲਿਆ ਵਾਰਾਂ ਰਾਹੀਂ ਸਿੱਖ ਮਰਜੀਵੜਿਆ ਦੀ ਗਾਥਾਵਾਂ ਦਾ ਵਰਨਣ ਕਰਣ ਦੇ ਨਾਲ ਸਮੇਂ ਦੀ ਸਰਕਾਰ ਵਲੋਂ ਸਿੱਖਾਂ ਉਪਰ ਢਾਹੇ ਗਏ ਜ਼ੁਲਮਾਂ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ ਸੀ । ਇਸ ਮੌਕੇ ਗੁਰਦੁਆਰਾ ਸਾਹਿਬ ਦੀ ਪਾਰਕਿੰਗ ਅਤੇ ਗੈਲਰੀ ਵਿਚ ਘੱਲੂਘਾਰੇ ਸਬੰਧੀ ਫੋਟੋ ਪ੍ਰਦਰਸ਼ਨੀ ਲਾਈ ਗਈ ਸੀ ਜਿਸ ਰਾਹੀਂ ਵੀਂ ਸੰਗਤ ਨੂੰ ਇਤਿਹਾਸ ਤੇ ਜਾਣੂ ਕਰਵਾਇਆ ਗਿਆ ਤੇ ਇਹ ਪ੍ਰਦਰਸ਼ਨੀ ਸੰਗਤਾਂ ਚ ਖਿੱਚ ਦਾ ਕੇਂਦਰ ਬਣੀ ਹੋਈ ਸੀ । ਗੁਰੂ ਘਰ ਨੂੰ ਖਾਲਸਾਈ ਝੰਡਿਆ ਨਾਲ ਸਜਾਇਆ ਗਿਆ ਸੀ। ਇਸ ਮੌਕੇ ਗੁਰੂ ਘਰ ਦੇ ਪ੍ਰਧਾਨ ਭਾਈ ਚਰਨ ਸਿੰਘ ਦੇ ਨਾਲ ਗਰਨੇਤ ਸਿੰਘ, ਬਲਜਿੰਦਰ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਤੇ ਨਾਲ ਹੀ ਕੌਮ ਦੀ ਅਜ਼ਾਦੀ ਤੇ ਖਾਲਸਾ ਰਾਜ ਦੀ ਪ੍ਰਾਪਤੀ ਲਈ ਵੱਧ ਚੜ੍ਹ ਕੇ ਸਹਿਯੋਗ ਕਰਨ ਦੀ ਬੇਨਤੀ ਕੀਤੀ। ਇਸ ਮੌਕੇ ਭਾਰੀ ਗਿਣਤੀ ਚ ਸੰਗਤ ਨੇ ਹਿੱਸਾ ਲੈ ਕੇ ਸ਼ਹੀਦ ਸਿੰਘ ਸਿੰਘਣੀਆਂ ਭੁੰਜਗੀ ਅਤੇ ਬਜ਼ੁਰਗਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ ਸਨ ਪ੍ਰੋਗਰਾਮ ਦੀ ਸਮਾਪਤੀ ਤੇ ਗੁਰੂ ਦਾ ਲੰਗਰ ਅਤੁੱਟ ਵਰਤਿਆ ਗਿਆ। ਹਾਜ਼ਿਰੀਨ ਸੰਗਤਾਂ ਵਲੋਂ ਗੁਰੂਘਰ ਦੀ ਪ੍ਰਬੰਧਕ ਕਮੇਟੀ ਦੇ ਨਾਲ ਨੌਜੁਆਨ ਸੇਵਾਦਾਰਾਂ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਗਿਆ ਜਿਨ੍ਹਾਂ ਬਦੌਲਤ ਇਹ ਪ੍ਰੋਗਰਾਮ ਉਲੀਕਿਆ ਗਿਆ ਸੀ ਤੇ ਉਨ੍ਹਾਂ ਆਸ ਪ੍ਰਗਟ ਕੀਤੀ ਕਿ ਅੱਗੇ ਵੀਂ ਪ੍ਰਬੰਧਕ ਕਮੇਟੀ ਪੰਥ ਦੇ ਅਹਿਮ ਦਿਹਾੜੇਆਂ ਮੌਕੇ ਇਸੇ ਤਰ੍ਹਾਂ ਪ੍ਰੋਗਰਾਮ ਉਲੀਕਦੇ

# ਇਲਾਕੇ 'ਚ ਗਰਮੀ ਦਾ ਕਹਿਰ-ਜਨਜੀਵਨ ਪੂਰੀ ਤਰ੍ਹਾਂ ਹੋਇਆ ਅਸਤ-ਵਿਅਸਤ



ਤਪਾ ਮੰਡੀ, 9 ਜੂਨ (ਧੀਮਾਨ)

ਇਲਾਕੇ 'ਚ ਦਿਨੋਂ-ਦਿਨ ਵੱਧ ਰਹੇ ਗਰਮੀ ਦੇ ਪ੍ਰਕੋਪ ਕਾਰਨ ਜਿੱਥੇ ਆਮ ਜਨ-ਜੀਵਨ ਪੂਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ, ਉੱਥੇ ਇਸ ਨਾਲ ਪਸ਼ੂ-ਪੰਛੀਆਂ ਦਾ ਜਿਊਣਾ ਵੀ ਮੁਹਾਲ ਹੋ ਚੁੱਕਾ ਹੈ। ਬੇਸ਼ੱਕ ਬੀਤੇ ਦਿਨਾਂ ਦੌਰਾਨ ਮੀਂਹ ਪੈਣ ਨਾਲ ਮੌਸਮ 'ਚ ਕੁੱਝ ਤਬਦੀਲੀ ਆਈ ਸੀ, ਪ੍ਰੰਤੂ ਪਿਛਲੇ 4-5 ਦਿਨਾਂ ਤੋਂ ਪੈ ਰਹੀ ਅੱਤ ਦੀ ਗਰਮੀ ਦੇ ਚੱਲਦਿਆਂ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਨੂੰ ਘਰਾਂ 'ਚ ਰਹਿਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਗਰਮੀ ਕਾਰਨ ਸ਼ਹਿਰ 'ਚ ਦੁਪਹਿਰ ਸਮੇਂ ਸੜਕਾਂ 'ਤੇ ਆਵਾਜਾਈ ਬਿਲਕੁਲ ਘੱਟ ਗਈ ਹੈ ਅਤੇ ਬਾਜ਼ਾਰਾਂ 'ਚ ਵੀ ਸੁੰਨਸਾਨ ਪਸਰੀ ਹੋਈ ਹੈ, ਜਿਸ ਕਾਰਨ ਦੁਕਾਨਦਾਰ ਵਿਹਲੇ ਬੈਠਣ ਲਈ ਮਜਬੂਰ ਹਨ। ਇਲਾਕੇ 'ਚ ਅੱਜ ਤਾਪਮਾਨ ਕਰੀਬ 44 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ ਅਤੇ ਗਰਮੀ ਦੇ ਇਸ ਪ੍ਰਕੋਪ ਤੋਂ ਬਚਣ ਲਈ ਜਿੱਥੇ ਲੋਕਾਂ ਵਲੋਂ ਵੱਖ-ਵੱਖ ਸਾਧਨ ਅਪਣਾਏ ਜਾ ਰਹੇ ਹਨ, ਉੱਥੇ ਸਮਾਜ ਸੇਵੀ ਸੰਸਥਾਵਾਂ ਅਤੇ ਹੋਰਨਾਂ ਸੰਗਤਾਂ ਵਲੋਂ ਰਾਹਗੀਰਾਂ ਲਈ ਜਗ੍ਹਾ-ਜਗ੍ਹਾ ਛਬੀਲਾਂ ਵੀ ਲਗਾਈਆਂ ਜਾ ਰਹੀਆਂ ਹਨ।ਭਾਰੀ ਗਰਮੀ ਦੇ ਚੱਲਦਿਆਂ ਲੋਕਾਂ ਵਲੋਂ ਨਿਰੰਤਰ ਏ.ਸੀ ਤੇ ਕੂਲਰਾਂ ਦੀ ਵਰਤੋਂ ਕਰਨ ਦੇ ਚੱਲਦਿਆਂ ਬਿਜਲੀ ਦੀ ਖਪਤ 'ਚ ਵੀ ਭਾਰੀ ਵਾਧਾ ਹੋਇਆ ਹੈ। ਇਸ ਗਰਮੀ ਨੇ ਦੋ ਪਹੀਆ ਵਾਹਨ ਚਾਲਕਾਂ ਨੂੰ ਬੇਹੱਦ ਪ੍ਰਭਾਵਿਤ ਕੀਤਾ ਹੈ, ਜੋ ਮੂੰਹ ਢੱਕ ਕੇ ਵਾਹਨ ਚਲਾਉਣ ਲਈ ਮਜਬੂਰ ਹਨ। ਗਰਮੀ ਦੇ ਪ੍ਰਕੋਪ ਕਾਰਨ ਦੁਪਹਿਰ ਸਮੇਂ ਸੜਕਾਂ ਪੂਰੀ ਤਰ੍ਹਾਂ ਸੁੰਨਸਾਨ ਦਿਖਾਈ ਦਿੰਦੀਆਂ ਹਨ ਅਤੇ ਲੋਕ ਸ਼ਾਮ ਢਲਣ 'ਤੇ ਹੀ ਰੋਜ਼ਮਰਾ ਦੀਆਂ ਜਰੂਰਤਾਂ ਦਾ ਸਾਮਾਨ ਲੈਣ ਲਈ ਨਿਕਲਦੇ ਹਨ। ਵਾਤਾਵਰਨ ਪ੍ਰੇਮੀਆਂ ਵੱਲੋਂ ਵੱਧ ਰਹੀ ਗਰਮੀ ਦਾ ਮੁੱਖ ਕਾਰਨ ਦਰਖਤਾਂ ਦੀ ਘਾਟ ਵੀ ਦੱਸਿਆ ਜਾ ਰਿਹਾ ਹੈ। ਉਧਰ ਦੂਜੇ ਪਾਸੇ ਡਾਕਟਰਾਂ ਵੱਲੋਂ ਵੀ ਲੋਕਾਂ ਨੂੰ ਫਾਸਟ ਫੂਡ ਤੋਂ ਪਰਹੇਜ਼ ਕਰਨ ਤੋਂ ਇਲਾਵਾ ਓ.ਆਰ.ਐਸ ਦਾ ਘੋਲ, ਨੀਂਬੂ ਪਾਣੀ ਆਦਿ ਪੀਣ ਦੀ ਸਲਾਹ ਦਿੱਤੀ ਜਾ ਰਹੀ ਹੈ।

# ਸ਼ਹੀਦ ਭਾਈ ਬਲਦੇਵ ਸਿੰਘ ਹਵਾਰਾ ਦੇ ਮਾਤਾ ਬੀਬੀ ਕੇਸਰ ਕੌਰ ਜੀ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ: ਪੰਥਕ ਜਥੇਬੰਦੀਆਂ ਯੂਰਪ

## ਮਾਤਾ ਜੀ ਦੀ ਅੰਤਿਮ ਅਰਦਾਸ 14 ਜੂਨ ਨੂੰ ਪਿੰਡ ਹਵਾਰਾ ਕਲਾਂ ਨੇੜੇ ਖਮਾਣੋ ਵਿਖ਼ੇ ਦੁਪਹਿਰ 1 ਵਜੇ



ਨਵੀਂ ਦਿੱਲੀ 9 ਜੂਨ (ਮਨਪ੍ਰੀਤ ਸਿੰਘ ਖਾਲਸਾ):- ਜੂਨ 1984 ਚ ਭਾਰਤੀ ਹੁਕਮਰਾਨ ਵੱਲੋਂ ਟੈਂਕਾਂ ਤੋਪਾਂ ਨਾਲ ਦਰਬਾਰ ਸਾਹਿਬ ਅੰਮ੍ਰਿਤਸਰ , ਅਕਾਲ ਤਖ਼ਤ ਸਾਹਿਬ ਸਮੇਤ ਪੰਜਾਬ ਦੇ 37 ਹੋਰ ਗੁਰਧਾਮਾਂ ਤੇ ਹਮਲੇ ਨੇ ਸਿੱਖਾਂ ਦੇ ਹਿਰਦਿਆ ਦੇ ਇੰਨੇ ਡੂੰਘੇ ਜ਼ਖ਼ਮ ਦਿੱਤੇ ਸਿੱਖ ਨੌਜਵਾਨੀ ਅਪਣੇ ਗੁਰਧਾਮਾਂ ਦਾ ਬਦਲਾ ਲੈਣ ਲਈ ਸਿੱਖੀ ਸਿਧਾਤਾ ਅਨੁਸਾਰ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਲਈ ਹਥਿਆਰਬੰਦ ਸੰਘਰਸ਼ ਸ਼ੁਰੂ ਕੀਤਾ। ਇਸ ਸੰਘਰਸ਼ ਵਿੱਚ ਸਿੰਘ ਆਪ ਤਾਂ ਸੇਵਾਵਾਂ ਨਿਭਾਅ ਹੀ ਰਹੇ ਸਨ ਉਸ ਦੇ ਨਾਲ ਨਾਲ ਹੋਰ ਸਿੰਘਾਂ ਨੂੰ ਵੀ ਸਿੱਖਾਂ ਨਾਲ ਭਾਰਤੀ ਹੁਕਮਰਾਨ ਵੱਲੋਂ ਕੀਤੇ ਜਾਅ ਰਹੇ ਜ਼ੁਲਮ ਦੀ ਦਾਸਤਾਨ ਅਤੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਉਹ ਬਚਨ "ਜਿਸ ਦਿਨ ਦਰਬਾਰ ਸਾਹਿਬ ਤੇ ਭਾਰਤੀ ਫੌਜ ਦੇ ਕਦਮ ਪਏ ਤਾਂ ਖਾਲਸਿਤਾਨ ਦੀ ਨੀਂਹ ਰੱਖੀ ਜਾਵਗੀ " ਲਈ ਪ੍ਰਰੇਦੇ। ਇਹਨਾਂ ਸਿੰਘਾਂ ਵਿੱਚੋਂ ਇੱਕ ਬੱਬਰ ਖਾਲਸਾ ਨਾਲ ਸਬੰਧਤ ਸ਼ਹੀਦ ਭਾਈ ਬਲਦੇਵ ਸਿੰਘ ਹਵਾਰਾ ਜੀ ਸਨ। ਜਿਹਨਾ ਦੀ ਪ੍ਰੇਰਨਾ ਦਾ ਸਦਕਾ ਅਨੇਕ ਸਿੰਘ ਸੰਘਰਸ਼ ਚ ਕੁੱਦੇ ਪੰਥਕ ਸੇਵਾਵਾਂ ਨਿਭਾਉਂਦੇ ਸ਼ਹੀਦ ਵੀ ਹੋਏ ਅਤੇ ਲੰਮਾ ਲੰਮਾ ਸਮਾਂ ਜੇਲ੍ਹਾਂ ਦੀਆਂ ਕਾਲ ਕੋਠੜੀਆਂ ਚ ਵੀ ਗੁਜ਼ਾਰਿਆ। ਭਾਈ ਜਗਤਾਰ ਸਿੰਘ ਹਵਾਰਾ ਇਸ ਸੰਘਰਸ਼ ਚ ਸ਼ਹੀਦ ਭਾਈ ਬਲਦੇਵ ਸਿੰਘ ਬੱਬਰ ਦੀ ਪ੍ਰੇਰਨਾ ਸਦਕਾ ਹੀ ਸੰਘਰਸ਼ ਦੀਆਂ ਸੇਵਾਵਾਂ ਚ ਆਏ। ਭਾਈ ਸਾਹਿਬ ਦੇ ਸੰਘਰਸ਼ੀ ਜੀਵਨ ਦੌਰਾਨ ਪਰਿਵਾਰ ਉੱਪਰ ਜੋ ਸਰਕਾਰੀ ਤਸ਼ੱਦਦ ਦੀ ਦਾਸਤਾਨ ਹੈ ਉਹ ਸਬਦੋ ਬਾਹਰ ਦੀ ਗੱਲ ਹੈ। ਇਸ ਦੇ ਬਾਵਜੂਦ ਵੀ ਪਰਿਵਾਰ ਨੇ ਸੰਘਰਸ਼ ਦਾ ਰਾਹ ਨਹੀ ਛੱਡਿਆ। ਸ਼ਹੀਦ ਭਾਈ ਬਲਦੇਵ ਸਿੰਘ ਬੱਬਰ ਦੇ ਨਜਦੀਕੀ ਰਿਸਤੇਸਾਰ ਭਾਈ ਰਜਿੰਦਰ ਸਿੰਘ ਬੱਬਰ ਲੰਮੇ ਸਮੇਂ ਤੋਂ ਜਰਮਨੀ ਚ ਜਲਾਵਤਨੀ ਦਾ ਜੀਵਨ ਹੰਢਾ ਰਹੇ ਚੱਲਦੇ ਸੰਘਰਸ਼ ਚ ਬਾਅਖੂਬੀ ਸੇਵਾਵਾਂ ਨਿਭਾਅ ਰਹੇ ਹਨ। ਯੂਰਪ ਦੀਆਂ ਪੰਥਕ ਜਥੇਬੰਦੀਆਂ ਦੇ ਸਰਗਰਮ ਆਗੂ ਜਥੇਦਾਰ ਰੇਸ਼ਮ ਸਿੰਘ ਬੱਬਰ, ਜਥੇਦਾਰ ਸਤਨਾਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਤਰਲੋਕ ਸਿੰਘ , ਭਾਈ ਪ੍ਰਤਾਪ ਸਿੰਘ, ਭਾਈ ਰਾਮਪਾਲ ਸਿੰਘ, ਭਾਈ ਹਰਜੋਤ ਸਿੰਘ, ਭਾਈ ਬਲਜਿੰਦਰ ਸਿੰਘ , ਸਿੱਖ ਫੈਡਰੇਸ਼ਨ ਜਰਮਨੀ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਸੁੱਖਦੇਵ ਸਿੰਘ ਹੇਰਾਂ, ਭਾਈ ਅਮਰਜੀਤ ਸਿੰਘ ਮੰਗੂਪੁਰ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਭਾਈ ਹੀਰਾ ਸਿੰਘ ਮੱਤੇਵਾਲ, ਦਲ ਖ਼ਾਲਸਾ ਜਰਮਨੀ ਭਾਈ ਗੁਰਦੀਪ ਸਿੰਘ ਪ੍ਰਦੇਸੀ, ਭਾਈ ਅੰਗਰੇਜ਼ ਸਿੰਘ, ਇਟਰਨੈਨਲ ਸਿੱਖ ਫੈਡਰੇਸ਼ਨ ਭਾਈ ਲਖਵਿੰਦਰ ਸਿੰਘ ਮੱਲ੍ਹੀ, ਸਿੱਖ ਫੈਡਰੇਸ਼ਨ ਫਰਾਂਸ ਭਾਈ ਕਸ਼ਮੀਰ ਸਿੰਘ ਗੋਸਲ, ਭਾਈ ਰਘਵੀਰ ਸਿੰਘ ਕੋਹਾੜ, ਸਿੱਖ ਫਡਰੇਸ਼ਨ ਬੈਲਜੀਅਮ ਭਾਈ ਮਨਜੋਤ ਸਿੰਘ ਭੂਰਾ, ਭਾਈ ਪ੍ਰਿਥੀਪਾਲ ਸਿੰਘ ਪਟਵਾਰੀ ਵੱਲੋਂ ਪਰਿਵਾਰ ਨਾਲ ਮਾਤਾ ਕੇਸਰ ਕੌਰ ਜੀ ਦੇ ਸਦੀਵੀ ਵਿਛੋੜੇ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਅਕਾਲ ਪੁਰਖ ਮਾਤਾ ਜੀ ਦੀ ਵਿੱਛੜੀ ਆਤਮਾ ਨੂੰ ਅਪਣੇ ਚਰਨਾਂ ਚ ਨਿਵਾਸ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

ਮਾਤਾ ਜੀ ਦੀ ਅੰਤਿਮ ਅਰਦਾਸ 14 ਜੂਨ ਦਿਨ ਸਨਿੱਚਰਵਾਰ ਪਿੰਡ ਹਵਾਰਾ ਕਲਾਂ ਨੇੜੇ ਖਮਾਣੋ ਦੁਪਿਹਰ 1 ਵਜੇ ਹੋਵੇਗੀ। ਇਲਾਕਾ ਨਿਵਾਸੀ ਸੰਗਤਾਂ ਨੂੰ ਅਰਦਾਸ ਚ ਸ਼ਾਮਲ ਹੋ ਵਿੱਛੜੀ ਆਤਮਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ।

# ਛੋਟੇ ਉਮਰ ਦੇ ਬੱਚਿਆਂ ਦੇ ਉੱਦਮ ਸਦਕਾ ਲਗਾਈ ਗਈ ਛਬੀਲ ਅਤੇ ਲਗਾਇਆ ਅਟੁੱਟ ਲੰਗਰ



ਅੰਮ੍ਰਿਤਸਰ, 9 ਜੂਨ ਸਾਕਾ ਨੀਲਾ ਤਾਰਾਂ ਦੀ 41ਵੀਂ ਵਰੇਗੰਡ ਨੂੰ ਸਮਰਪਿਤ ਅਤੇ ਸ਼ਹੀਦਾਂ ਦੇ ਸਿਰਤਾਜ, ਬਾਣੀ ਦੇ ਬੋਹਿਤ, ਪੰਜਵੀਂ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਤਰਨ ਤਾਰਨ ਰੋਡ ਸਥਿਤ ਸੰਤ ਮਿਸ਼ਰਾ ਸਿੰਘ ਕਲੋਨੀ ਵਿਖੇ ਛੋਟੀ ਉਮਰੇ ਵੱਡੀਆਂ ਪੈੜਾਂ ਪਾਉਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵਸਨੀਕ ਸ. ਰਣਜੀਤ ਸਿੰਘ ਨੇ ਦੱਸਿਆ ਕਿ ਅਜੋਕੇ ਦੌਰ ਵਿਚ ਭਾਵੇਂ ਹਰ ਮਾਂ ਬਾਪ ਆਪਣੇ ਬੱਚਿਆਂ ਦੀਆਂ ਖਵਾਇਸ਼ਾਂ ਅਤੇ ਜ਼ਰੂਰਤਾਂ ਪੂਰੀਆਂ ਕਰਨ ਲਈ ਦਿਨ ਰਾਤ ਹੱਡਭੰਨਵੀਂ ਮਿਹਨਤ ਕਰਦਿਆਂ ਆਪਣੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਭਰਭੂਰ ਯਤਨਸ਼ੀਲ ਰਹਿੰਦਾ ਹੈ। ਲੇਕਿਨ ਬੱਚਿਆਂ ਦੀਆਂ ਸਾਰੀਆਂ ਜ਼ਰੂਰਤਾਂ ਪੂਰੀਆਂ ਕਰਨ ਉਪਰੰਤ ਬੱਚਿਆਂ ਦੀ ਜਿਦ ਦੀ ਸੂਈ ਮੋਬਾਈਲ ਤੇ ਆ ਕੇ ਰੁਕ ਜਾਂਦੀ ਹੈ। ਮੋਬਾਈਲ ਦੀ ਦੁਰਵਰਤੋਂ ਜਿੱਥੇ ਨੌਜ਼ਵਾਨ ਪੀੜ੍ਹੀ ਨੂੰ ਕੁਰਾਹੇ ਪਾ ਰਹੀ ਹੈ, ਉੱਥੇ ਕਈਆ ਲਈ ਵਰਦਾਨ ਸਾਬਿਤ ਹੋ ਰਹੀ ਹੈ। ਜਿਸ ਦੀ ਤਾਜ਼ਾ ਮਿਸਾਲ ਸਿਫ਼ਤੀ ਦੇ ਘਰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਮਹਾਨ ਮਹਾਂਪੁਰਖ ਸੰਤ ਬਾਬਾ ਮਿਸ਼ਰਾ ਸਿੰਘ ਕਲੋਨੀ ਦੇ ਵਸਨੀਕ ਸ. ਰਣਜੀਤ ਸਿੰਘ ਤੋਂ ਪ੍ਰਾਪਤ ਹੋਈ। ਅੱਜ ਕੱਲ੍ਹ ਹਰ ਬੱਚੇ ਦੇ ਹੱਥਾਂ ਵਿੱਚ ਮੋਬਾਈਲ ਹੋਣ ਕਰਕੇ ਸੋਸ਼ਲ ਮੀਡੀਆ ਉਪਰ ਜੂਨ 1984 ਵਿੱਚ ਕਾਂਗਰਸ ਪਾਰਟੀ ਦੀ ਹੁਕਮਰਾਨ ਸਰਕਾਰ ਨੇ ਭਗਤੀ ਅਤੇ ਸ਼ਕਤੀ ਦੇ ਪ੍ਰਤੀਕ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਉਸ ਵੇਲੇ ਦੀ ਕਾਂਗਰਸ ਸਰਕਾਰ ਨੇ ਆਪਣੀਆਂ ਫ਼ੌਜਾਂ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਹਰਿਮੰਦਰ ਸਾਹਿਬ ਦੀ ਪ੍ਰਕਰਮਾ ਵਿੱਚ ਟੈਂਕ ਭੇਜ ਕੇ ਬੰਬਾਂ ਅਤੇ ਗੋਲੀਆ ਦਾ ਮੀਂਹ ਵਰਾਂ ਕੇ ਜਿੱਥੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰ ਦਿੱਤਾ। ਉੱਥੇ ਹਜ਼ਾਰਾਂ ਨਿਰਦੋਸ਼ ਸੰਗਤਾਂ ਨੂੰ ਵੀ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਜਿਸ ਵਿੱਚ ਛੋਟੇ-ਛੋਟੇ ਮਸੂਮ ਬੱਚਿਆਂ ਨੂੰ ਵੀ ਨਾ ਬਖਸ਼ਿਆ ਗਿਆ। ਇਹ ਸਭ ਬੱਚਿਆਂ ਨੇ ਆਪਣੇ ਮਾਤਾ ਪਿਤਾ ਕੋਲੋਂ ਵੀ ਸੁਣਿਆ ਅਤੇ ਸੋਸ਼ਲ ਮੀਡੀਆ ਤੇ ਵੀ ਵੇਖਿਆ। ਜਿਸ ਦਾ ਇੰਨਾ ਮਾਸੂਮ ਬੱਚਿਆਂ ਦੇ ਦਿਲ ਤੇ ਗਹਿਰਾ ਅਸਰ ਹੋਇਆ। ਉਨ੍ਹਾਂ ਛੋਟੀ ਉਮਰ ਦੇ ਬੱਚਿਆਂ ਨੇ ਕੁੱਝ ਮਾਇਆ ਇਕੱਤਰ ਕਰਕੇ ਆਪਣੇ ਮਾਤਾ ਪਿਤਾ ਨੂੰ ਛਬੀਲ ਅਤੇ ਲੰਗਰ ਲਾਉਣ ਲਈ ਮਨਾਂ ਲਿਆ। ਬੱਚਿਆਂ ਦੇ ਇਸ ਉਪਰਾਲੇ ਨੂੰ ਅਗਰ ਸੱਚਾ ਸੌਦਾ ਦਾ ਨਾਮ ਦਿੱਤਾ ਜਾਵੇ ਤਾਂ ਕੋਈ ਅੱਤਕਥਨੀ ਨਹੀਂ ਹੋਵੇਗਾ।

ਸਵੇਰੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਸੰਗਤ ਰੂਪੀ ਪਾਠ ਦੇ ਭੋਗ ਉਪਰੰਤ ਵੱਖ-ਵੱਖ ਪਕਵਾਨਾਂ ਦੇ ਲੰਗਰ ਤੋਂ ਇਲਾਵਾ ਦੇਰ ਸ਼ਾਮ ਤੱਕ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਜ਼ਿਕਰਯੋਗ ਹੈ ਕਿ ਬੱਚਿਆਂ ਦੇ ਮਾਪਿਆਂ ਦਾ ਕੇਵਲ ਸਹਿਯੋਗ ਹੀ ਸੀ। ਦੇਖਦਿਆਂ ਹੀ ਦੇਖਦਿਆਂ ਇਲਾਕ਼ਾ ਨਿਵਾਸੀ ਬੱਚਿਆਂ ਵੱਲੋਂ ਸਿਰਜੇ ਗਏ ਇਤਿਹਾਸ ਨੂੰ ਵੇਖਣ ਅਤੇ ਹੌਂਸਲਾ ਅਫਜ਼ਾਈ ਲਈ ਉਮੜ ਪਏ ਅਤੇ ਗੁਰੂ ਕੇ ਲੰਗਰਾਂ ਲਈ ਰਸਤਾਂ ਦੀ ਵੀ ਕੋਈ ਕਮੀਂ ਨਹੀਂ ਆਉਣ ਦਿੱਤੀ।

ਖ਼ਬਰ ਲਿਖੇ ਜਾਣ ਤੱਕ ਛਬੀਲ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਰੇ ਜਾ ਰਹੇ ਸਨ। ਇਸ ਨੇਕ ਕਾਰਜ ਦੀ ਜਿੱਥੇ ਚੁਫੇਰਿਓਂ ਪ੍ਰਸੰਸਾ ਹੋ ਰਹੀ ਹੈ ਉਥੇ ਬੱਚਿਆਂ ਦੇ ਮਾਤਾ ਪਿਤਾ ਵੀ ਵਧਾਈ ਦੇ ਹੱਕਦਾਰ ਹਨ। ਸ਼ਾਲਾ ਇਹ ਹੋਣਹਾਰ ਬਾਲਕ ਸੱਚ ਦੇ ਮਾਰਗ ਤੇ ਚੱਲਦਿਆਂ ਆਪਣੇ ਮਾਤਾ-ਪਿਤਾ ਅਤੇ ਦੇਸ਼ ਕੌਮ ਦਾ ਨਾਮ ਇਸੇ ਤਰ੍ਹਾਂ ਰੌਸ਼ਣ ਕਰਦੇ ਰਹਿਣ। ਇਹੀ ਮੇਰੀ ਅਰਦਾਸ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਕਾ ਤਨਵੀਰ ਸਿੰਘ, ਕਾਕਾ ਨਿਰਭੈ ਸਿੰਘ, ਕਾਕਾ ਮਨਮੀਤ ਸਿੰਘ, ਕਾਕਾ ਜਗਦੀਪ ਸਿੰਘ, ਕਾਕਾ ਕੀਰਤ ਸਿੰਘ, ਕਾਕਾ ਚੰਨਪ੍ਰੀਤ ਸਿੰਘ, ਕਾਕਾ ਗਗਨਦੀਪ ਸਿੰਘ, ਕਾਕਾ ਹਰਕੀਰਤ ਸਿੰਘ, ਬੀਬਾ ਸਤਨਾਮ ਕੌਰ, ਬੀਬਾ ਲਵਲੀ ਜੀ, ਬੀਬਾ ਬਲਜੀਤ ਕੌਰ, ਬੀਬਾ ਰਜਿੰਦਰ ਕੌਰ, ਬੀਬਾ ਮਨਜੀਤ ਕੌਰ, ਬੀਬਾ ਲਖਬੀਰ ਕੌਰਬੀਬਾ ਹਰਜੀਤ ਕੌਰ ਨੇ ਗੁਰੂ ਚਰਨਾਂ 'ਚ ਹਾਜ਼ਰੀ ਭਰੀ। ਕੀਰਤਨ ਦਾ ਰਸ ਮਾਣਦਿਆ ਹੱਥੀਂ ਸੇਵਾ ਕਰਕੇ ਗੁਰੂ ਘਰ ਦੀਆ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਮੌਕੇ ਸ.ਰਜਿੰਦਰ ਸਿੰਘ ਸਾਂਘਾ, ਸ.ਵਹਿਨੂਰ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰਸਨ।

# ਕੈਨੇਡੀਅਨ ਸਿੱਖਾਂ ਵਲੋਂ ਜੂਨ 84 ਦੇ ਘਲੂਘਾਰੇ ਦੇ ਵਿਰੋਧ ਵਿਚ ਭਾਰਤੀ ਐਂਬੇਸੀ ਮੂਹਰੇ ਭਾਰੀ ਵਿਰੋਧ ਪ੍ਰਦਰਸ਼ਨ

## ਵੈਨਕੂਵਰ ਦੇ ਆਰਟ ਗੈਲਰੀ ਵਿਖ਼ੇ ਸ਼ਹੀਦਾਂ ਦੀ ਯਾਦ ਵਿਚ ਹੋਇਆ ਯਾਦਗਾਰੀ ਸ਼ਹੀਦੀ ਸਮਾਗਮ




ਨਵੀਂ ਦਿੱਲੀ 9 ਜੂਨ (ਮਨਪ੍ਰੀਤ ਸਿੰਘ ਖਾਲਸਾ):- ਹਰ ਸਾਲ ਦੀ ਤਰਾ ਇਸ ਸਾਲ ਵੀ ਵੈਨਕੂਵਰ ਦੀ ਆਰਟ ਗੈਲਰੀ ਵਿੱਚ ਜੂਨ 1984 ਦੇ ਸ਼ਹੀਦਾਂ ਨੂੰ ਸਮਰਪਿਤ ਅਤੇ ਨਾਲ-ਨਾਲ ਮੌਜੂਦਾ ਸਮੇਂ ਦੇ ਸ਼ਹੀਦਾ ਦੀ ਯਾਦ ਦੇ ਵਿਚ ਉਚੇਚੇ ਤੌਰ ਤੇ ਸਮਾਗਮ ਉਲੀਕੇ ਗਏ ਸਨ । ਉਲੀਕੇ ਗਏ ਪ੍ਰੋਗਰਾਮ ਵਿਚ ਵਿਸ਼ੇਸ਼ ਤੌਰ ਤੇ ਯੂਨੀਵਰਸਿਟੀ ਦੇ ਬੱਚਿਆਂ ਦੇ ਨਾਲ ਸੈਂਕੜਿਆਂ ਦੀ ਗਿਣਤੀ ਅੰਦਰ ਸੰਗਤਾਂ ਨੇ ਸ਼ਮੂਲੀਅਤ ਕਰਦਿਆਂ ਸ਼ਹੀਦਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ ਸਨ । ਇਸ ਮੌਕੇ ਪ੍ਰਬੰਧਕਾਂ ਵਲੋਂ ਵਿਸ਼ੇਸ਼ ਤੌਰ ਫੌਜ ਵਲੋਂ ਕੀਤੇ ਗਏ ਹਮਲੇ ਦੀਆਂ ਫੋਟੋਆਂ ਦਾ ਪ੍ਰਦਰਸ਼ਨ ਕਰਕੇ ਸੰਗਤਾਂ ਨੂੰ ਜਾਣਕਾਰੀ ਦਿੱਤੀ ਗਈ ਸੀ । ਪ੍ਰੋਗਰਾਮ ਦੌਰਾਨ ਬੁਲਾਰਿਆਂ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਦੇ ਨਾਲ ਚੱਲ ਰਹੇ ਆਜ਼ਾਦੀ ਦੇ ਮੌਜੂਦਾ ਸੰਘਰਸ਼ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਣ ਨੂੰ ਕਿਹਾ। ਸੰਗਤ ਨੂੰ ਸੰਬੋਧਨ ਕਰਦਿਆਂ ਭਾਈ ਗੁਰਮੀਤ ਸਿੰਘ ਜੀ ਤੂਰ ਨੇ ਸੰਗਤਾਂ ਨੂੰ ਤੱਤਕਾਲੀ ਸਰਕਾਰ ਵਲੋਂ ਸ੍ਰੀ ਦਰਬਾਰ ਸਾਹਿਬ, ਅਕਾਲ ਤਖਤ ਸਾਹਿਬ ਅਤੇ 37 ਹੋਰ ਗੁਰਦੁਆਰਿਆ ਉਪਰ ਚੜ੍ਹਾਈ ਗਈ ਹਿੰਦੁਸਤਾਨੀ ਫੌਜ ਨਾਲ ਟਾਕਰਾ ਕਰਦੇ ਸੰਤ ਜਰਨੈਲ ਸਿੰਘ ਜੀ ਭਿੰਡਰਾਂਵਾਲਿਆ ਦੀ ਅਗਵਾਈ ਹੇਠ ਮੁੱਠੀ ਭਰ ਸਿੰਘਾਂ ਦੇ ਫਖਰ ਭਰੇ ਇਤਿਹਾਸ ਦਾ ਜਿਕਰ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਇਹੋ ਹੈ ਕਿ ਅਸੀਂ ਪੰਥ ਕੌਮ ਦੇ ਰਸਤੇ ਤੇ ਤੁਰਕੇ ਅਜ਼ਾਦੀ ਦੀ ਲੜਾਈ ਵਿਚ ਆਪਣਾ ਯੋਗਦਾਨ ਪਾਈਏ। ਉਨ੍ਹਾਂ ਕਿਹਾ ਕਿ ਖਾਲਿਸਤਾਨ ਦੀ ਨੀਹ ਰੱਖੀ ਗਈ ਹੈ ਅਸੀਂ ਉਹਨਾਂ ਨੀਹਾਂ ਤੇ ਖਾਲਸਾ ਰਾਜ ਦੀ ਉਸਾਰੀ ਕਰਨੀ ਹੈ ਅਤੇ ਸ਼ਹੀਦਾਂ ਨੂੰ ਸਮਰਪਿਤ ਹੁੰਦਿਆਂ ਉਨ੍ਹਾਂ ਦਾ ਸੁਫਨਾ ਸਾਕਾਰ ਕਰਣਾ ਹੈ। ਐਸਐਫਜੇ ਦੇ ਭਾਈ ਮਨਜਿੰਦਰ ਸਿੰਘ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਰਲਕੇ, ਇਕੱਠੇ ਹੋਕੇ ਪੰਥ ਦੀ ਏਕਤਾ ਵਧਾਈਏ । ਉਨ੍ਹਾਂ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੋ ਕਿ ਕੈਲਗਰੀ ਆ ਰਹੇ ਹਨ ਉਨ੍ਹਾਂ ਦਾ ਵੱਧ ਤੋਂ ਵੱਧ ਵਿਰੋਧ ਅਤੇ ਘਿਰਾਵ ਕੀਤਾ ਜਾਣਾ ਚਾਹੀਦਾ ਹੈ ਕਿਉਕਿ ਉਨ੍ਹਾਂ ਦੀ ਸਰਪ੍ਰਸਤੀ ਹੇਠ ਵਿਦੇਸ਼ਾਂ ਅੰਦਰ ਸਿੱਖਾਂ ਨੂੰ ਕਤਲ ਅਤੇ ਕਤਲ ਕਰਣ ਦੀ ਸਾਜ਼ਿਸ਼ ਖੇਡੀ ਗਈ ਹੈ । ਉਹਨਾਂ ਨੇ ਸਮੂਹ ਸਿੱਖ ਜਥੇਬੰਦੀਆਂ ਅਤੇ ਗੁਰੂ ਘਰ ਦੀਆਂ ਕਮੇਟੀਆਂ ਨੂੰ ਬੇਨਤੀ ਕੀਤੀ ਕਿ ਆਪਸੀ ਮੱਤਭੇਦ ਭੁਲਾ ਕੇ ਸਾਨੂੰ ਆਪਣੇ ਦੁਸ਼ਮਣ ਦਾ ਇਕੱਠੇ ਹੋਕੇ ਡਟ ਕੇ ਵਿਰੋਧ ਕਰਨਾ ਚਾਹੀਦਾ ਹੈ । ਆਰਟ ਗੈਲਰੀ ਤੋਂ ਬਾਅਦ ਸੰਗਤਾਂ ਨੇ ਭਾਰਤੀ ਐਂਬੈਸੀ ਦਾ ਘਿਰਾਓ ਕਰਦਿਆਂ ਖਾਲਸਾਈ ਜੈਕਾਰਿਆ ਨਾਲ ਗੁੰਜਾ ਪਾ ਦਿਤੀਆਂ ਤੇ ਭਾਰਤੀ ਝੰਡੇ ਦੀ ਬੇਹੁਰਮਤੀ ਕਰਦਿਆਂ ਉਸਨੂੰ ਲੀਰੋ-ਲੀਰ ਕਰ ਦਿੱਤਾ । ਇਸ ਰੋਸ ਪ੍ਰਦਰਸ਼ਨ ਵਿਚ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਗੁਰਮੀਤ ਸਿੰਘ ਗਿੱਲ, ਭਾਈ ਅਜੈਪਾਲ ਸਿੰਘ ਅਤੇ ਭਾਈ ਜੈਗ ਸਿੰਘ ਦੇ ਨਾਲ ਵਡੀ ਗਿਣਤੀ ਅੰਦਰ ਸੰਗਤਾਂ ਹਾਜਿਰ ਸਨ